ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 7 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨੩ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243

# ਕਿਸਾਨਾਂ ਨੇ ਫਿਰ ਖੋਲ੍ਹਿਆ ਮੋਰਚਾ !

# 13 ਜੁਲਾਈ ਨੂੰ ਲੈ ਕੇ ਪੰਜਾਬ ਲਈ ਕੀਤਾ ਵੱਡਾ ਐਲਾਨ

**ਚੰਡੀਗੜ੍ਹ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਿਸਾਨਾਂ ਨੇ ਕੇਂਦਰ ਸਰਕਾਰ ਅਤੇ ਪੰਜਾਬ ਵਿਰੁੱਧ ਮੋਰਚਾ ਖੋਲ੍ਹ ਦਿੱਤਾ ਹੈ। ਇਕ ਪ੍ਰੈੱਸ ਕਾਨਫ਼ਰੰਸ ਦੌਰਾਨ ਕਿਸਾਨਾਂ ਨੇ ਕਿਹਾ ਕਿ ਉਹ ਭਾਰਤ-ਅਮਰੀਕਾ ਸਮਝੌਤੇ ਅਤੇ ਪੰਜਾਬ 'ਚ ਲੈਂਡ ਪੂਲਿੰਗ ਨੂੰ ਲੈ ਕੇ ਦੋਵਾਂ ਸਰਕਾਰਾਂ ਵਿਰੁੱਧ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵਿਰੋਧ ਪ੍ਰਦਰਸ਼ਨ ਦਾ ਸੱਦਾ ਕੌਮੀ ਇਨਸਾਫ਼ ਮੋਰਚਾ ਵੱਲੋਂ 13 ਜੁਲਾਈ ਨੂੰ ਦਿੱਤਾ ਗਿਆ ਸੀ। ਐੱਸ. ਕੇ. ਐੱਮ. (ਸੰਯੁਕਤ ਕਿਸਾਨ ਮੋਰਚਾ) ਦੇ ਗੈਰ ਸਿਆਸੀ ਜਥੇਬੰਦੀਆਂ ਨੇ ਹਾਲ ਹੀ 'ਚ ਸਰਹਿੰਦ 'ਚ ਰੇਲਵੇ ਟ੍ਰੈਕ ਨੂੰ ਤਿੰਨ ਘੰਟਿਆਂ ਲਈ ਜਾਮ ਕੀਤਾ ਗਿਆ ਸੀ। ਉਥੇ ਹੀ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਬਰਨਾਲਾ ਘਰ ਦੇ ਬਾਹਰ ਐੱਸ. ਕੇ. ਐੱਮ. ਗੈਰ ਸਿਆਸੀ ਜਥੇਬੰਦੀਆਂ ਪ੍ਰਦਰਸ਼ਨ ਕਰਨਗੀਆਂ। ਉਨ੍ਹਾਂ ਅਪੀਲ ਕੀਤੀ ਕਿ ਕਿਸਾਨਾਂ ਦੇ ਬਕਾਏ ਜਲਦੀ ਉਨ੍ਹਾਂ ਦੇ ਖਾਤਿਆਂ



ਵਿੱਚ ਜਮ੍ਹਾ ਕਰਵਾਏ ਜਾਣ। ਕਿਸਾਨ ਆਗੂ ਵਚਿੱਤਰ ਸਿੰਘ ਕੋਟਲਾ ਨੇ ਕਿਹਾ ਕਿ ਐੱਸ. ਕੇ. ਐੱਮ. ਗੈਰ ਸਿਆਸੀ ਜਥੇਬੰਦੀਆਂ ਵੱਲੋਂ ਲੰਬੇ ਸਮੇਂ ਤੋਂ ਚੱਲ ਰਹੇ ਸੰਘਰਸ਼ ਕੀਤਾ ਜਾ ਰਿਹਾ ਹੈ। ਇਹ ਵਿਰੋਧ ਭਾਰਤ ਦੀ ਅਮਰੀਕਾ ਨਾਲ ਹੋਏ ਸਮਝੌਤੇ ਨੂੰ ਲੈ ਕੇ ਕੀਤਾ ਜਾ ਰਿਹਾ ਹੈ, ਜਿਸ ਦਾ ਪਿੰਡਾਂ ਵਿੱਚ ਸਖ਼ਤ ਵਿਰੋਧ ਹੋ ਰਿਹਾ ਹੈ। ਵਚਿੱਤਰ ਸਿੰਘ ਨੇ ਕਿਹਾ ਕਿ ਮਿਲਾਵਟੀ ਦੁੱਧ, ਦਹੀਂ ਅਤੇ ਪਨੀਰ ਵੱਡੇ ਪੱਧਰ 'ਤੇ ਵੇਚੇ ਜਾ ਰਹੇ ਹਨ, ਜਿਸ ਨਾਲ ਕੈਂਸਰ ਹੋ ਰਿਹਾ ਹੈ। ਕੇਂਦਰ ਸਰਕਾਰ ਨੂੰ ਇਸ ਮੁੱਦੇ 'ਤੇ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਸਵਾਮੀਨਾਥਨ ਰਿਪੋਰਟ ਤਹਿਤ ਹੋਰ ਮੰਗਾਂ ਨੂੰ ਵੀ ਹੱਲ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਨੂੰ ਕਰਜ਼ੇ ਤੋਂ ਮੁਕਤ ਕੀਤਾ ਜਾਣਾ ਚਾਹੀਦਾ ਹੈ। ਗੁਰਸੇਵਕ ਸਿੰਘ ਧਾਲੀਵਾਲ ਨੇ ਕਿਹਾ ਕਿ ਲੈਂਡ ਪੂਲਿੰਗ ਕੇਸ ਹਾਲ ਹੀ 'ਚ ਵਾਪਸ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ 17 ਜੁਲਾਈ ਨੂੰ ਤਰਨਤਾਰਨ 'ਚ ਇਕ ਕਿਸਾਨ ਸੰਮੇਲਨ ਦਾ ਆਯੋਜਨ ਕੀਤਾ ਗਿਆ ਹੈ, ਜਿੱਥੇ ਸਾਰੇ ਕਿਸਾਨ ਜਥੇਬੰਦੀਆਂ ਸ਼ਾਮਲ ਹੋਣਗੀਆਂ। ਇਸ ਮੀਟਿੰਗ ਦੌਰਾਨ ਭਾਰਤ-ਅਮਰੀਕਾ ਸੌਦੇ ਦਾ ਮੁੱਦਾ ਚੁੱਕਿਆ ਜਾਵੇਗਾ। ਉਨ੍ਹਾਂ ਦੀਆਂ ਮੰਗਾਂ ਸਬੰਧੀ ਮਹੱਤਵਪੂਰਨ ਫ਼ੈਸਲੇ ਲਏ ਜਾਣਗੇ ਅਤੇ ਜਲਦੀ ਹੀ ਵੱਡੇ ਵਿਰੋਧ ਪ੍ਰਦਰਸ਼ਨ ਦਾ ਐਲਾਨ ਕੀਤਾ ਜਾਵੇਗਾ।




## ਪ੍ਰਤਾਪ ਬਾਜਵਾ ਦੀ ਭੂਪੇਸ਼ ਬਘੇਲ ਨਾਲ 45 ਮਿੰਟ ਮੀਟਿੰਗ, ਅੰਦਰੂਨੀ ਕਲੇਸ਼ ਨੂੰ ਲੈ ਕੇ ਦਿੱਤਾ ਵੱਡਾ ਬਿਆਨ

**ਚੰਡੀਗੜ੍ਹ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਵਿਚ ਚੱਲ ਰਹੇ ਕਾਟੋ-ਕਲੇਸ਼ ਵਿਚਾਲੇ ਸੂਬਾ ਕਾਂਗਰਸ ਇੰਚਾਰਜ ਭੂਪੇਸ਼ ਬਘੇਲ ਪੰਜਾਬ ਦੌਰੇ 'ਤੇ ਆਏ ਹਨ, ਇਸ ਦਰਮਿਆਨ ਬਘੇਲ ਏਅਰਪੋਰਟ 'ਤੇ ਉਤਰਣ ਤੋਂ ਬਾਅਦ ਸਿੱਧਾ ਪ੍ਰਤਾਪ ਸਿੰਘ ਬਾਜਵਾ ਦੇ ਘਰ ਗਏ, ਜਿੱਥੇ ਦੋਵਾਂ ਆਗੂਆਂ ਵਿਚਾਲੇ ਲੱਗਭਗ 45 ਮਿੰਟ ਤੱਕ ਗੱਲਬਾਤ ਹੋਈ। ਇਸ ਉਪਰੰਤ ਬਾਜਵਾ ਨੇ ਕਿਹਾ ਕਿ ਬਘੇਲ ਪੰਜ ਦਿਨ ਤੱਕ ਪੰਜਾਬ ਰਹਿਣਗੇ ਅਤੇ ਇਸ ਦਰਮਿਆਨ ਕਾਂਗਰਸੀ ਲੀਡਰਾਂ ਵਿਚਾਲੇ ਚੱਲ ਰਹੇ ਸਾਰੇ ਮੱਤਭੇਦ ਖ਼ਤਮ ਕੀਤੇ ਜਾਣਗੇ। ਬਾਜਵਾ ਨੇ ਇਹ ਵੀ ਕਿਹਾ ਕਿ ਜੇਕਰ ਅਮਰੀਕਾ-ਇਰਾਨ ਟੇਬਲ "ਤੇ ਬੈਠ ਕੇ ਗੱਲਬਾਤ ਕਰ ਸਕਦੇ ਹਨ ਤਾਂ ਇਹ ਵਾਲਾ ਮਸਲਾ ਕਿੰਨਾ ਕੁ ਵੱਡਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਜਵਾ ਨੇ ਦੱਸਿਆ ਕਿ ਚੰਡੀਗੜ੍ਹ ਪਹੁੰਚਣ ਤੋਂ ਬਾਅਦ ਬਘੇਲ ਸਿੱਧਾ ਉਨ੍ਹਾਂ ਦੀ ਰਿਹਾਇਸ਼ 'ਤੇ ਪਹੁੰਚੇ ਹਨ। ਜਿੱਥੇ ਲਗਭਗ 45 ਮਿੰਟ ਤੱਕ ਮੀਟਿੰਗ ਹੋਈ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ ਆਉਣ ਵਾਲੀਆਂ ਚੋਣਾਂ ਅਤੇ ਕਾਂਗਰਸ ਨੂੰ ਦਰਪੇਸ਼ ਮੁਸ਼ਕਲਾਂ, ਚੁਣੌਤੀਆਂ ਬਾਰੇ ਗੱਲਬਾਤ ਹੋਈ ਹੈ। ਉਨ੍ਹਾਂ ਕਿਹਾ ਕਿ ਜੇ ਕਿਸੇ ਆਗੂ ਦਾ ਕੋਈ ਮੱਤਭੇਦ ਹੈ ਤਾਂ ਉਹ ਦੂਰ ਕੀਤਾ ਜਾਵੇਗਾ। ਬਾਜਵਾ ਨੇ ਕਿਹਾ ਕਿ ਅਸੀਂ ਇਕੱਠੇ ਹੋ ਕੇ ਚੋਣ ਮੈਦਾਨ ਵਿਚ ਉਤਰਾਂਗੇ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕੋਈ ਆਗੂ ਪਾਰਟੀ ਹਾਈਕਮਾਂਡ ਨਾਲ ਗੱਲਬਾਤ ਕਰਨਾ ਚਾਹੁੰਦਾ ਹੈ ਤਾਂ ਬਘੇਲ ਉਨ੍ਹਾਂ ਦੀ ਗੱਲਬਾਤ ਸੁਣ ਕੇ ਮੀਟਿੰਗ ਕਰਵਾਉਣਗੇ।

## ਲੁਧਿਆਣਾ 'ਚ ਮਸਜਿਦ ਦੇ ਬਾਹਰ ਦੁਕਾਨ 'ਚ ਲਾਈ ਅੱਗ, ਛਿੜਕਿਆ ਪੈਟਰੋਲ ; ਸਾਰਾ ਸਮਾਨ ਸੁਆਹ

**ਲੁਧਿਆਣਾ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਵਿੱਚ ਮਸਜਿਦ ਕੰਪਲੈਕਸ ਦੇ ਬਾਹਰ ਇੱਕ ਦੁਕਾਨ ਨੂੰ ਅੱਗ ਲਗਾ ਦਿੱਤੀ ਗਈ, ਜਿਸ ਨਾਲ ਧਾਰਮਿਕ ਕਿਤਾਬਾਂ ਅਤੇ ਹੋਰ ਸਮਾਨ ਸੜ ਕੇ ਸੁਆਹ ਹੋ ਗਿਆ। ਘਟਨਾ ਦੀ ਸੀਸੀਟੀਵੀ ਫੁਟੇਜ ਸਾਹਮਣੇ ਆਈ ਹੈ, ਜਿਸ ਵਿੱਚ ਤਿੰਨ ਨੌਜਵਾਨ ਇੱਕ ਬਾਈਕ 'ਤੇ ਆਉਂਦੇ ਦਿਖਾਈ ਦੇ ਰਹੇ ਹਨ। ਇੱਕ ਵਿਅਕਤੀ ਬਾਈਕ ਤੋਂ ਉਤਰਿਆ, ਦੁਕਾਨ ਦੇ ਬਾਹਰ ਪੈਟਰੋਲ ਛਿੜਕਿਆ ਅਤੇ ਫਿਰ ਅੱਗ ਲਗਾ ਦਿੱਤੀ। ਇਸ ਤੋਂ ਬਾਅਦ ਦੋਸ਼ੀ ਮੌਕੇ ਤੋਂ ਭੱਜ ਗਿਆ। ਘਟਨਾ ਤੋਂ ਬਾਅਦ ਕੋਈ ਵੀ ਮੌਕੇ 'ਤੇ ਮੌਜੂਦ ਨਹੀਂ ਸੀ। ਦਰੇਸੀ ਪੁਲਿਸ ਸਟੇਸ਼ਨ ਨੇ ਅਣਪਛਾਤੇ ਸ਼ੱਕੀਆਂ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਸੈਂਟਰਲ ਸੁੰਨੀ ਨੂਰੀ ਜਾਮਾ ਮਸਜਿਦ ਗਲੀ ਨੰਬਰ 4 ਸੰਤੋਖ ਨਗਰ, ਨਿਊ ਸ਼ਿਵਪੁਰੀ ਦੇ ਕਿਰਾਏਦਾਰ ਅਤੇ ਨੌਕਰ ਅਬਦੁਲ ਰਜ਼ਾਕ ਨੇ ਦੱਸਿਆ ਕਿ ਉਸਨੂੰ ਮਸਜਿਦ ਵੱਲੋਂ ਇੱਕ ਦੁਕਾਨ ਦਿੱਤੀ ਗਈ ਸੀ। ਉਹ ਮੁਸਲਿਮ ਧਰਮ ਨਾਲ ਸਬੰਧਤ ਕਿਤਾਬਾਂ ਅਤੇ ਮਸਜਿਦ ਵਿੱਚ ਵਰਤੀਆਂ ਜਾਣ ਵਾਲੀਆਂ ਚੀਜ਼ਾਂ ਵੇਚਦਾ ਸੀ। ਸ਼ਿਕਾਇਤ ਦੇ ਅਨੁਸਾਰ, 4 ਜੁਲਾਈ, 2026 ਦੀ ਰਾਤ ਨੂੰ, ਉਸਨੇ ਗਲੀ ਵਿੱਚ ਇੱਕ ਆਵਾਜ਼ ਸੁਣੀ। ਜਦੋਂ ਉਹ ਬਾਹਰ ਗਿਆ ਤਾਂ ਉਸਨੇ ਦੇਖਿਆ ਕਿ ਉਸਦੀ ਦੁਕਾਨ ਨੂੰ ਅੱਗ ਲੱਗੀ ਹੋਈ ਸੀ। ਆਸ ਪਾਸ ਦੇ ਲੋਕਾਂ ਨੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਉਦੋਂ ਤੱਕ ਦੁਕਾਨ ਵਿੱਚ ਬਹੁਤ ਸਾਰਾ ਸਾਮਾਨ ਸੜ ਕੇ ਸੁਆਹ ਹੋ ਗਿਆ ਸੀ। ਅਬਦੁਲ ਰਜ਼ਾਕ ਨੇ ਦੱਸਿਆ ਕਿ ਅੱਗ ਨਾਲ ਉਸ ਦੀਆਂ ਧਾਰਮਿਕ ਕਿਤਾਬਾਂ ਅਤੇ ਹੋਰ ਚੀਜ਼ਾਂ ਸੜ ਕੇ ਸੁਆਹ ਹੋ ਗਈਆਂ। ਇਸ ਨਾਲ ਉਸਨੂੰ ਵਿੱਤੀ ਨੁਕਸਾਨ ਹੋਇਆ ਅਤੇ ਉਸਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ। ਘਟਨਾ ਤੋਂ ਬਾਅਦ, ਮਸਜਿਦ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੇਖੀ ਗਈ। ਸ਼ਿਕਾਇਤ ਦੇ ਅਨੁਸਾਰ, ਤਿੰਨ ਨੌਜਵਾਨ ਇੱਕ ਮੋਟਰਸਾਈਕਲ 'ਤੇ ਆਉਂਦੇ ਦੇਖੇ ਗਏ। ਉਨ੍ਹਾਂ ਨੇ ਕਥਿਤ ਤੌਰ 'ਤੇ ਦੁਕਾਨ 'ਤੇ ਜਲਣਸ਼ੀਲ ਪਦਾਰਥ ਛਿੜਕਿਆ, ਅੱਗ ਲਗਾ ਦਿੱਤੀ ਅਤੇ ਮੌਕੇ ਤੋਂ ਭੱਜ ਗਏ। ਸ਼ਿਕਾਇਤ ਦੇ ਆਧਾਰ 'ਤੇ, ਪੁਲਿਸ ਨੇ ਅਣਪਛਾਤੇ ਦੋਸ਼ੀਆਂ ਵਿਰੁੱਧ ਭਾਰਤੀ ਦੰਡਾਵਲੀ (ਆਈਪੀਸੀ) ਦੀ ਧਾਰਾ 298, 299, 326(ਐਫ), 326(ਜੀ), 324(4), ਅਤੇ 3(5) ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਦਰੇਸੀ ਪੁਲਿਸ ਸਟੇਸ਼ਨ ਨੇ ਕਿਹਾ ਕਿ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਦੋਸ਼ੀਆਂ ਦੀ ਪਛਾਣ ਕੀਤੀ ਜਾ ਰਹੀ ਹੈ।

## ਪੰਜਾਬੀਆਂ ਨੂੰ ਕੇਂਦਰ ਦੀ ਵੱਡੀ ਸੌਗਾਤ ! ਅੰਮ੍ਰਿਤਸਰ-ਚੰਡੀਗੜ੍ਹ ਸਣੇ 50 ਸ਼ਹਿਰਾਂ 'ਚ ਚੱਲੇਗੀ ਬੁਲੇਟ ਟਰੇਨ



**ਨਵੀਂ ਦਿੱਲੀ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੁੰਬਈ-ਅਹਿਮਦਾਬਾਦ ਬੁਲੇਟ ਟਰੇਨ ਤੋਂ ਬਾਅਦ ਹੁਣ ਦਿੱਲੀ-ਐੱਨਸੀਆਰ 'ਚ ਬੁਲੇਟ ਟਰੇਨ ਦੇ ਕੰਮ 'ਚ ਹੁਣ ਤੇਜ਼ੀ ਆਉਣ ਦੀ ਉਮੀਦ ਹੈ। ਦਿੱਲੀ ਨੂੰ ਬੁਲੇਟ ਟਰੇਨਾਂ ਦਾ ਹੱਬ ਬਣਾਉਣ ਦੀ ਤਿਆਰੀ ਹੈ, ਜਿੱਥੋਂ ਚਾਰ ਹਾਈਸਪੀਡ ਟਰੇਨ ਕੋਰੀਡੋਰ ਬਣਾਉਣ ਦਾ ਪ੍ਰਸਤਾਵ ਹੈ। ਇਸ 'ਚ ਦਿੱਲੀ-ਵਾਰਾਣਸੀ-ਸਿਲੀਗੁੜੀ ਬੁਲੇਟ ਟਰੇਨ ਇਨ੍ਹਾਂ 'ਚੋਂ ਸਭ ਤੋਂ ਮਹੱਤਵਪੂਰਨ ਹੈ। ਦਿੱਲੀ-ਸਿਲੀਗੁੜੀ ਬੁਲੇਟ ਟਰੇਨ ਰੂਟ ਤਾਂ ਕੇਂਦਰ ਸਰਕਾਰ ਦੇ ਉਨ੍ਹਾਂ 7 ਕੋਰੀਡੋਰ 'ਚੋਂ ਇਕ ਹੈ, ਜਿਸ ਦਾ ਐਲਾਨ ਆਮ ਬਜਟ 'ਚ ਕੀਤਾ ਗਿਆ ਸੀ। ਇਨ੍ਹਾਂ 7 ਰੂਟ 'ਤੇ ਪਹਿਲ ਦੇ ਆਧਾਰ 'ਤੇ ਕੰਮ ਅੱਗੇ ਵਧੇਗਾ ਅਤੇ ਇਸ 'ਚ 2 ਲੱਖ ਕਰੋੜ ਰੁਪਏ ਦੇ ਖਰਚ ਦਾ ਅਨੁਮਾਨ ਹੈ। ਦਿੱਲੀ-ਲਖਨਊ-ਵਾਰਾਣਸੀ ਰੇਲ ਕੋਰੀਡੋਰ ਉੱਤਰ ਪ੍ਰਦੇਸ਼ ਲਈ ਇਕ ਵੱਡਾ ਵਰਦਾਨ ਹੋਵੇਗਾ। ਇਹ ਨੋਇਡਾ, ਆਗਰਾ, ਮਥੁਰਾ, ਇਟਾਵਾ ਅਤੇ ਵਾਰਾਣਸੀ ਵਰਗੇ ਸ਼ਹਿਰਾਂ ਨੂੰ ਟਰੇਨ ਰੂਟ ਜੋੜੇਗਾ। ਲਖਨਊ ਤੋਂ ਅਯੁੱਧਿਆ ਤੱਕ ਇਕ ਲਿੰਕ ਰੂਟ ਵੀ ਹੋਵੇਗਾ। ਇਹ ਉੱਤਰ ਪ੍ਰਦੇਸ਼ ਦੇ ਪ੍ਰਮੁੱਖ ਧਾਰਮਿਕ, ਰਾਜਨੀਤਿਕ ਅਤੇ ਉਦਯੋਗਿਕ ਸ਼ਹਿਰਾਂ ਨੂੰ ਜੋੜੇਗਾ। ਇਸ ਰੂਟ 'ਤੇ ਬੁਲੇਟ ਟਰੇਨ 320 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਤੱਕ ਪਹੁੰਚੇਗੀ। ਨੈਸ਼ਨਲ ਹਾਈ ਸਪੀਡ ਰੇਲ ਕਾਰਪੋਰੇਸ਼ਨ ਲਿਮਟਿਡ ਦੇ ਪ੍ਰਸਤਾਵ ਦੇ ਅਨੁਸਾਰ, ਦਿੱਲੀ 'ਚ ਪ੍ਰਸਤਾਵਿਤ ਸਟੇਸ਼ਨ ਹਜ਼ਰਤ ਨਿਜ਼ਾਮੁਦੀਨ, ਨੋਇਡਾ, ਜੇਵਰ ਅੰਤਰਰਾਸ਼ਟਰੀ ਹਵਾਈ ਅੱਡਾ, ਮਥੁਰਾ, ਆਗਰਾ, ਫਿਰੋਜ਼ਾਬਾਦ, ਇਟਾਵਾ, ਕੰਨੌਜ, ਲਖਨਊ, ਰਾਏਬਰੇਲੀ, ਪ੍ਰਯਾਗਰਾਜ, ਨਿਊ ਭਦੋਹੀ ਅਤੇ ਵਾਰਾਣਸੀ ਹਨ। ਲਖਨਊ ਨੂੰ ਅਯੁੱਧਿਆ ਨਾਲ ਜੋੜਨ ਲਈ ਇਕ ਵੱਖਰਾ 124 ਤੋਂ 135 ਕਿਲੋਮੀਟਰ ਦਾ ਲਿੰਕ ਰੂਟ ਵੀ ਬਣਾਇਆ ਜਾਵੇਗਾ। ਨੈਸ਼ਨਲ ਹਾਈ ਸਪੀਡ ਰੇਲ ਕਾਰਪੋਰੇਸ਼ਨ ਲਿਮਟਿਡ ਨੇ ਸਿਵਲ ਢਾਂਚੇ ਦੇ ਡਿਜ਼ਾਈਨ ਲਈ ਟੈਂਡਰ ਵੀ ਜਾਰੀ ਕੀਤੇ ਹਨ। ਦਿੱਲੀ-ਵਾਰਾਣਸੀ-ਸਿਲੀਗੁੜੀ ਬੁਲੇਟ ਟਰੇਨ ਦੇਸ਼ ਦੀ ਸਭ ਤੋਂ ਲੰਬੀ ਬੁਲੇਟ ਟਰੇਨ ਹੋਵੇਗੀ। ਇਕ ਰਿਪੋਰਟ ਦੇ ਅਨੁਸਾਰ, ਦਿੱਲੀ-ਵਾਰਾਣਸੀ ਬੁਲੇਟ ਟਰੇਨ ਨੂੰ ਸਿਲੀਗੁੜੀ ਤੱਕ ਵਧਾਇਆ ਜਾਵੇਗਾ, ਜੋ ਕਿ ਦਿੱਲੀ, ਨੋਇਡਾ ਅਤੇ ਲਖਨਊ ਵਰਗੇ ਉੱਤਰੀ ਭਾਰਤੀ ਸ਼ਹਿਰਾਂ ਨੂੰ ਸਿੱਧੇ ਉੱਤਰ-ਪੂਰਬ ਨਾਲ ਜੋੜੇਗਾ।

## ਮਾਨਵਤਾ ਦੀ ਸੇਵਾ ਲਈ ਖਾਲਸਾ ਏਡ ਇੰਟਰਨੈਸ਼ਨਲ ਨੂੰ 'ਹਿਊਮੈਨਿਟੇਰੀਅਨ ਆਫ਼ ਦਿ ਯੀਅਰ 2026' ਸਨਮਾਨ

**ਲੰਡਨ (ਸਰਬਜੀਤ ਸਿੰਘ ਬਨੂੜ)**- ਵਿਸ਼ਵ ਭਰ ਵਿੱਚ ਮਨੁੱਖਤਾ ਦੀ ਸੇਵਾ ਲਈ ਮਸ਼ਹੂਰ ਸੰਸਥਾ ਖਾਲਸਾ ਏਡ ਇੰਟਰਨੈਸ਼ਨਲ ਨੂੰ ਲਾਇਨਜ਼ ਇੰਟਰਨੈਸ਼ਨਲ ਵੱਲੋਂ ਸਾਲ 2026 ਦਾ 'ਹਿਊਮੈਨਿਟੇਰੀਅਨ ਆਫ਼ ਦਿ ਯੀਅਰ' ਐਵਾਰਡ ਪ੍ਰਦਾਨ ਕੀਤਾ ਗਿਆ ਹੈ। ਇਹ ਸਨਮਾਨ ਦੁਨੀਆ ਪੱਧਰ 'ਤੇ ਮਨੁੱਖੀ ਸੇਵਾ ਦੇ ਖੇਤਰ ਵਿੱਚ ਦਿੱਤੇ ਜਾਣ ਵਾਲੇ ਸਭ ਤੋਂ ਵੱਡੇ ਸਨਮਾਨਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ।



ਫੋਨ ਤੇ ਗੱਲਬਾਤ ਕਰਦਿਆਂ ਖਾਲਸਾ ਏਡ ਇੰਟਰਨੈਸ਼ਨਲ ਦੇ ਚੇਅਰਮੈਨ ਰਵੀ ਸਿੰਘ ਨੇ ਕਿਹਾ ਕਿ ਇਹ ਸਨਮਾਨ ਪਿਛਲੇ 27 ਸਾਲਾਂ ਤੋਂ ਵੱਧ ਸਮੇਂ ਦੌਰਾਨ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਮਨੁੱਖਤਾ ਦੀ ਸੇਵਾ ਲਈ ਜੁੜੇ ਹਜ਼ਾਰਾਂ ਵਲੰਟੀਅਰਾਂ, ਦਾਨੀਆਂ, ਸਮਰਥਕਾਂ ਅਤੇ ਮਨੁੱਖੀ ਸੇਵਾ ਕਰਮੀਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਦੱਸਿਆ ਕਿ ਉਹ ਪਿਛਲੇ ਕਰੀਬ 27 ਸਾਲਾਂ ਤੋਂ 50 ਤੋਂ ਵੱਧ ਦੇਸ਼ਾਂ ਵਿੱਚ ਜੰਗਾਂ, ਕੁਦਰਤੀ ਆਫ਼ਤਾਂ ਅਤੇ ਹੋਰ ਮਨੁੱਖੀ ਸੰਕਟਾਂ ਨਾਲ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਲਗਾਤਾਰ ਸੇਵਾਵਾਂ ਨਿਭਾ ਰਹੀ ਹੈ। ਇਸ ਦੌਰਾਨ ਲੱਖਾਂ ਲੋੜਵੰਦ ਲੋਕਾਂ ਤੱਕ ਭੋਜਨ, ਦਵਾਈਆਂ, ਐਮਰਜੈਂਸੀ ਰਾਹਤ ਅਤੇ ਹੋਰ ਜ਼ਰੂਰੀ ਸਹਾਇਤਾ ਪਹੁੰਚਾਈ ਗਈ ਹੈ। ਖਾਲਸਾ ਏਡ ਇੰਟਰਨੈਸ਼ਨਲ ਦੇ ਸੰਸਥਾਪਕ ਰਵੀ ਸਿੰਘ ਨੇ ਕਿਹਾ ਕਿ ਮਨੁੱਖੀ ਦੁੱਖ-ਤਕਲੀਫ਼ ਨਾ ਤਾਂ ਸਰਹੱਦਾਂ, ਨਾ ਧਰਮਾਂ ਅਤੇ ਨਾ ਹੀ ਕੌਮੀਅਤਾਂ ਨੂੰ ਜਾਣਦੀ ਹੈ, ਇਸ ਲਈ ਮਨੁੱਖਤਾ ਦੀ ਸੇਵਾ ਵੀ ਕਿਸੇ ਭੇਦਭਾਵ ਤੋਂ ਉੱਪਰ ਹੋਣੀ ਚਾਹੀਦੀ ਹੈ। ਸੰਸਥਾ ਨੇ ਇਸ ਸਨਮਾਨ ਲਈ ਲਾਇਨਜ਼ ਇੰਟਰਨੈਸ਼ਨਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਲੋੜਵੰਦ ਲੋਕਾਂ ਦੇ ਨਾਲ ਖੜ੍ਹੇ ਰਹਿਣ ਅਤੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਆਸ ਦੀ ਨਵੀਂ ਕਿਰਨ ਜਗਾਉਣ ਲਈ ਆਪਣਾ ਸੇਵਾ ਕਾਰਜ ਜਾਰੀ ਰੱਖੇਗੀ। ਰਵੀ ਸਿੰਘ ਨੇ ਕਿਹਾ ਕਿ ਇਹ ਸਨਮਾਨ ਸਿਰਫ਼ ਖਾਲਸਾ ਏਡ ਦਾ ਨਹੀਂ, ਸਗੋਂ ਹਰ ਉਸ ਵਿਅਕਤੀ ਦਾ ਹੈ ਜਿਸ ਨੇ ਮਨੁੱਖਤਾ ਦੀ ਭਲਾਈ ਲਈ ਇਸ ਮਿਸ਼ਨ ਵਿੱਚ ਆਪਣਾ ਯੋਗਦਾਨ ਪਾਇਆ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

## ਭਾਈ ਖਾਲੜਾ ਦੇ ਜੀਵਨ ਅਤੇ ਸਿੱਖ ਨੌਜਵਾਨਾਂ ਨਾਲ ਹੋਈਆਂ ਵਧੀਕੀਆਂ 'ਤੇ ਆਧਾਰਿਤ ਫ਼ਿਲਮ 'ਸਤਲੁਜ' ਤੇ ਪਾਬੰਦੀ ਲਗਾਉਣ ਦੀ ਐਡਵੋਕੇਟ ਧਾਮੀ ਨੇ ਕੀਤੀ ਨਿੰਦਾ



**ਨਵੀਂ ਦਿੱਲੀ/ਅੰਮ੍ਰਿਤਸਰ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਈ ਜਸਵੰਤ ਸਿੰਘ ਜੀ ਖਾਲੜਾ ਦੇ ਜੀਵਨ, ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਵੱਲੋਂ ਕੀਤੇ ਅਦੁੱਤੀ ਕਾਰਜਾਂ ਅਤੇ ਪੁਲਿਸ ਵੱਲੋਂ ਸਿੱਖ ਨੌਜਵਾਨਾਂ ਨਾਲ ਕੀਤੀਆਂ ਵਧੀਕੀਆਂ 'ਤੇ ਆਧਾਰਿਤ ਫ਼ਿਲਮ 'ਸਤਲੁਜ' ਨੂੰ ਜਾਰੀ ਹੋਣ ਤੋਂ ਕੁਝ ਸਮਾਂ ਬਾਅਦ ਹੀ ਭਾਰਤ ਵਿੱਚ ਜੀ ਨੈਟਵਰਕ ਤੋਂ ਮਨਮਾਨੇ ਢੰਗ ਨਾਲ ਹਟਾਏ ਜਾਣ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ 1984 ਤੋਂ ਬਾਅਦ ਪੁਲਿਸ ਨੇ ਹਜ਼ਾਰਾਂ ਬੇਗੁਨਾਹ ਨੌਜਵਾਨਾਂ ਨੂੰ ਤਸੀਹੇ ਦੇ ਕੇ ਸ਼ਹੀਦ ਕੀਤਾ ਅਤੇ ਲਾਵਾਰਸ ਕਹਿ ਕੇ ਲਾਸ਼ਾ. ਨੂੰ ਸਾੜ ਦਿੱਤਾ ਗਿਆ। ਭਾਈ ਜਸਵੰਤ ਸਿੰਘ ਖਾਲੜਾ ਨੇ ਪੰਜਾਬ ਦੇ ਇਤਿਹਾਸ ਦੇ ਉਸ ਦਰਦਨਾਕ ਦੌਰ ਨੂੰ ਦੁਨੀਆ ਸਾਹਮਣੇ ਲਿਆਉਣ ਲਈ ਆਪਣਾ ਜੀਵਨ ਸਮਰਪਿਤ ਕਰ ਦਿੱਤਾ। ਉਨ੍ਹਾਂ ਵੱਲੋਂ ਕੀਤੇ ਯਤਨਾਂ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਇਨਸਾਫ਼ ਦੀ ਆਸ ਬੱਝੀ ਸੀ ਜਿਨ੍ਹਾਂ ਦੇ ਨੌਜਵਾਨ ਪੁੱਤਰ ਲਾਪਤਾ ਕਰ ਦਿੱਤੇ ਗਏ ਸਨ। ਦੁਖਦਾਈ ਪਹਿਲੂ ਇਹ ਹੈ ਕਿ ਲੋਕਾਂ ਦੀ ਆਸ ਬਣੇ ਭਾਈ ਖਾਲੜਾ ਨੂੰ ਵੀ ਪੁਲਿਸ ਨੇ ਸ਼ਹੀਦ ਕਰ ਦਿੱਤਾ। ਉਨ੍ਹਾਂ ਕਿਹਾ ਕਿ ਭਾਈ ਖਾਲੜਾ ਦੇ ਜੀਵਨ ਤੇ ਬਣੀ ਇਸ ਫਿਲਮ ਵਿਚ ਇਤਿਹਾਸ ਦੇ ਤੱਥਾਂ, ਮਨੁੱਖੀ ਅਧਿਕਾਰਾਂ ਅਤੇ ਸਮਾਜਕ ਸੱਚਾਈ ਨੂੰ ਸਾਹਮਣੇ ਲਿਆਂਦਾ ਗਿਆ ਹੈ, ਜਿਸ ਨੂੰ ਰੋਕਣ ਦੀ ਬਜਾਏ ਖੁੱਲ੍ਹੇ ਮਨ ਨਾਲ ਦੇਖਿਆ ਅਤੇ ਵਿਚਾਰਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਤੇ ਹੋਏ ਸਰਕਾਰੀ ਅਤਿਆਚਾਰ ਨੂੰ ਲੁਕਾਉਣ ਦੇ ਯਤਨ ਕਦੇ ਵੀ ਸਫਲ ਨਹੀਂ ਹੋ ਸਕਦੇ। ਜਿਨ੍ਹਾਂ ਨੌਜਵਾਨਾਂ ਨੂੰ ਸ਼ਹੀਦ ਕਰਨ ਮਗਰੋਂ ਲਾਵਾਰਸ ਕਹਿ ਕੇ ਸਾੜ ਦਿੱਤਾ ਗਿਆ ਸੀ ਉਨ੍ਹਾਂ ਕੇਸਾਂ ਵਿੱਚ ਅੱਜ ਮਾਨਯੋਗ ਅਦਾਲਤਾਂ ਵੱਲੋਂ ਉਸ ਵੇਲੇ ਦੇ ਪੁਲਿਸ ਅਧਿਕਾਰੀਆਂ ਨੂੰ ਸਜਾਵਾਂ ਦਿੱਤੀਆਂ ਜਾ ਰਹੀਆਂ ਹਨ। ਅਦਾਲਤਾਂ ਦੇ ਇਨ੍ਹਾਂ ਫੈਸਲਿਆਂ ਤੋਂ ਕਿਵੇਂ ਮੂੰਹ ਮੋੜ ਲਵੋਗੇ। ਉਨ੍ਹਾਂ ਕਿਹਾ ਕਿ ਨਾਂ ਤਾਂ ਇਤਿਹਾਸ ਦੇ ਇਨ੍ਹਾਂ ਪੰਨਿਆਂ ਨੂੰ ਮਿਟਾਇਆ ਜਾ ਸਕਦਾ ਹੈ ਅਤੇ ਨਾ ਹੀ ਕਿਸੇ ਪਾਬੰਦੀ ਰਾਹੀਂ ਸੱਚ ਨੂੰ ਦਬਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਮੇਤ ਦੁਨੀਆ ਭਰ ਦੇ ਇਨਸਾਫ਼ ਪਸੰਦ ਲੋਕਾਂ ਨੂੰ ਆਪਣੇ ਇਤਿਹਾਸ ਨੂੰ ਜਾਣਨ, ਸਮਝਣ ਅਤੇ ਉਸ ਤੋਂ ਸਿੱਖਣ ਦਾ ਪੂਰਾ ਅਧਿਕਾਰ ਹੈ।


ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ
ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ
ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ
ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ
ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ
ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ
ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ
ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ
ਆਰਗੇਨਾਈਜ਼ਰ
ਟੈਲੀਫ਼ੋਨ: 07771608 363
ਈ-ਮੇਲ: PSBAL46@gmail.com

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰਕੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for **AWAZE QAUM** Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ





ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

## ਅਕਾਲੀ ਦਲ

# ਵਾਰਿਸ ਪੰਜਾਬ ਦੇ

### ਭਾਈ ਮਨਦੀਪ ਸਿੰਘ ਸਿੱਧੂ ਦੇ ਪ੍ਰੋਗਰਾਮ ਦਾ ਵੇਰਵਾ-



ਭਾਈ ਮਨਦੀਪ ਸਿੰਘ ਸਿੱਧੂ
(ਜਨਰਲ ਸਕੱਤਰ ਅਕਾਲੀ ਦਲ ਵਾਰਿਸ ਪੰਜਾਬ ਦੇ)

| | |
|---|---|
| 4 ਜੁਲਾਈ<br>6:00 PM - 8:00 PM | Guruduwara Guru Nanak Dev Ji Luton |
| 5 ਜੁਲਾਈ<br>11:00 AM - 11:15 AM | Guruduwara Sikh Temple Leeds |
| 5 ਜੁਲਾਈ<br>11:30 AM - 11:45 AM | Guruduwara Singh Sabha Bradford |
| 5 ਜੁਲਾਈ<br>11:50 AM - 12:10 PM | Guruduwara Sri Guru Gobind Singh Ji Bradford |
| 5 ਜੁਲਾਈ<br>12:20 PM - 12:40 PM | Guruduwara Sri Guru Nanak Dev Ji Bradford |
| 5 ਜੁਲਾਈ<br>6:00 PM - 7:00 PM | Guruduwara Baba Deep Singh ji Birmingham (Soho Road) |
| 8 ਜੁਲਾਈ<br>7:00 PM | Live on PBC Channel |
| 11 ਜੁਲਾਈ<br>7:00 PM | 374 Cranbrook Road, Gants Hill, Ilford, IG2 6HW |
| 12 ਜੁਲਾਈ<br>11:00 AM - 12:00 Noon | Guruduwara Singh Sabha Souhall |

ਆਵਾਜ਼ਿ ਕੌਮ
AWAZE QAUM
International Newspaper & WEB TV

ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ

# ਕਸੂਰ ਜ਼ਿਲ੍ਹੇ ਦੇ ਗਠਨ ਦੇ 50 ਸਾਲ (ਗੋਲਡਨ ਜੁਬਲੀ) ਦੇ ਮੌਕੇ ਤੇ ਸਮਾਗਮ ਦਾ ਆਯੋਜਨ










**ਕਸੂਰ (ਪਾਕਿਸਤਾਨ), 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-1 ਜੁਲਾਈ 1976 ਨੂੰ, ਕਸੂਰ ਨੂੰ ਜ਼ਿਲ੍ਹਾ ਬਣਾਇਆ ਗਿਆ ਸੀ। ਇਸਦੇ ਗਠਨ ਦੀ 50ਵੀਂ ਵਰ੍ਹੇਗੰਢ ਦੇ ਮੌਕੇ ਤੇ, 1 ਜੁਲਾਈ, 2026 ਨੂੰ ਬੁੱਧਵਾਰ ਨੂੰ ਸਵੇਰੇ 10 ਵਜੇ ਬੁੱਲ੍ਹੇ ਸ਼ਾਹ ਅਦਬੀ ਸੰਗਤ, ਕਸੂਰ ਦੀ ਗੋਲਡਨ ਜੁਬਲੀ ਦੇ ਸਬੰਧ ਵਿੱਚ ਇੱਕ ਸਮਾਗਮ ਆਯੋਜਤ ਕੀਤਾ ਗਿਆ। ਵਿਗਿਆਨਕ, ਸਾਹਿਤਕ, ਸੱਭਿਆਚਾਰਕ ਅਤੇ ਇਤਿਹਾਸਕ ਇਕੱਠ ਵਿੱਚ ਪ੍ਰਸਿੱਧ ਵਿਦਵਾਨ, ਬੁੱਧੀਜੀਵੀ, ਲੇਖਕ ਅਤੇ ਕਵੀ ਸ਼ਾਮਲ ਹੋਏ। ਇਸ ਇਕੱਠ ਦੀ ਪ੍ਰਧਾਨਗੀ ਸਰਦਾਰ ਆਸਿਫ਼ ਅਲੀ ਸਿਆਲ, ਡਾਇਰੈਕਟਰ, ਜਲਵਾਯੂ ਪਰਿਵਰਤਨ ਕਮੇਟੀ, ਲਾਹੌਰ ਹਾਈ ਕੋਰਟ ਬਾਰ ਐਸੋਸੀਏਸ਼ਨ ਨੇ ਕੀਤੀ। ਇਸ ਇਕੱਠ ਦਾ ਆਯੋਜਨ ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ ਦੇ ਸਕੱਤਰ ਜਨਰਲ ਸਲੀਮ ਆਫ਼ਤਾਬ ਸਲੀਮ ਕਸੂਰੀ ਨੇ ਕੀਤਾ। ਇਕੱਠ ਦੀ ਰਸਮੀ ਸ਼ੁਰੂਆਤ ਪਵਿੱਤਰ ਕੁਰਾਨ ਦੇ ਪਾਠ ਨਾਲ ਹੋਈ, ਜਿਸ ਨੂੰ ਸੂਚਨਾ ਅਤੇ ਪ੍ਰਸਾਰਣ ਸਕੱਤਰ ਹਾਫਿਜ਼ ਅਲੀ ਅਹਿਮਦ ਸਾਬੀਰ ਨੇ ਬਖ਼ਸ਼ਿਆ, ਜਦੋਂ ਕਿ ਨਾਤ ਰਸੂਲ ਮਕਬੂਲ (ਸ.ਬ.) ਸੋਸ਼ਲ ਮੀਡੀਆ ਦੇ ਇੰਚਾਰਜ ਫੈ.ਸਲ ਨਜ਼ੀਰ ਅਨਮੋਲ ਨੇ ਪੇਸ਼ ਕੀਤੀ। ਆਪਣੇ ਸਵਾਗਤੀ ਭਾਸ਼ਣ ਵਿੱਚ, ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ ਦੇ ਪ੍ਰਧਾਨ ਡਾ. ਮੁਹੰਮਦ ਰਿਆਜ਼ ਅੰਜੁਮ ਨੇ ਕਸੂਰ ਜ਼ਿਲ੍ਹੇ ਦੀ ਇਤਿਹਾਸਕ, ਸੱਭਿਆਚਾਰਕ ਅਤੇ ਸੱਭਿਆਚਾਰਕ ਵਿਰਾਸਤ ਅਤੇ ਇਸ ਧਰਤੀ ਨਾਲ ਸਬੰਧਤ ਉੱਚ, ਅਕਾਦਮਿਕ, ਸਾਹਿਤਕ, ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਦੀਆਂ ਸੇਵਾਵਾਂ ਬਾਰੇ ਗੱਲ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ, ਪ੍ਰੋਫੈਸਰ ਡਾ. ਅਰਸ਼ਦ ਇਕਬਾਲ ਅਰਸ਼ਦ ਨੇ ਕਿਹਾ ਕਿ ਕਸੂਰ ਇੱਕ ਇਤਿਹਾਸਕ ਸ਼ਹਿਰ ਹੈ ਅਤੇ ਇਸਨੇ ਹਰ ਯੁੱਗ ਵਿੱਚ ਪ੍ਰਸਿੱਧ ਲੋਕ ਪੈਦਾ ਕੀਤੇ ਹਨ। ਉਨ੍ਹਾਂ ਵਿੱਚੋਂ ਇੱਕ ਡਾ. ਮੁਹੰਮਦ ਰਿਆਜ਼ ਅੰਜੁਮ ਹਨ, ਜਿਨ੍ਹਾਂ ਨੇ ਕਸੂਰ ਜ਼ਿਲ੍ਹੇ ਦਾ ਸਾਹਿਤਕ ਇਤਿਹਾਸ ਲਿਖਿਆ ਅਤੇ ਪੰਜਾਬ ਦੇ ਹੋਰ ਜ਼ਿਲ੍ਹਿਆਂ ਦੇ ਲੇਖਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ। ਇਸ ਮੀਟਿੰਗ ਦੀ ਪ੍ਰਧਾਨਗੀ ਸਰਦਾਰ ਆਸਫ਼ ਅਲੀ ਸਿਆਲ ਨੇ ਕੀਤੀ। ਉਨ੍ਹਾਂ ਕਿਹਾ ਕਿ ਕਸੂਰ ਵਿੱਚ ਵਾਤਾਵਰਣ ਅਧਿਆਤਮਿਕਤਾ ਅਤੇ ਟਿਕਾਊ ਵਿਕਾਸ ਲਈ ਇੱਕ ਕੇਂਦਰ ਸਥਾਪਤ ਕੀਤਾ ਜਾਣਾ ਚਾਹੀਦਾ ਹੈ, ਜਿੱਥੇ ਸੂਫ਼ੀ ਨੈਤਿਕਤਾ, ਕੁਰਾਨ, ਬ੍ਰਹਿਮੰਡੀ ਸੰਕਲਪਾਂ ਅਤੇ ਆਧੁਨਿਕ ਵਾਤਾਵਰਣ ਵਿਗਿਆਨ ਵਿਚਕਾਰ ਸਬੰਧਾਂ 'ਤੇ ਖੋਜ ਕੀਤੀ ਜਾਵੇਗੀ। ਇਸ ਮੌਕੇ ਅਬਦੁਲ ਰਜ਼ਾਕ ਮੋਹਸੀਨ ਸੀਨੀਅਰ ਮੀਤ ਪ੍ਰਧਾਨ ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ ਅਤੇ ਸਲੀਮ ਆਫ਼ਤਾਬ ਸਲੀਮ ਸਕੱਤਰ ਜਨਰਲ ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ, ਕਸੂਰ ਨੇ ਵੀ ਕਸੂਰ ਦੇ ਇਤਿਹਾਸ 'ਤੇ ਆਪਣੀਆਂ ਪੰਜਾਬੀ ਕਵਿਤਾਵਾਂ ਪੇਸ਼ ਕੀਤੀਆਂ। ਇਸ ਇਤਿਹਾਸਕ ਇਕੱਠ ਵਿੱਚ ਸਰਦਾਰ ਆਸਿਫ਼ ਅਲੀ ਸਿਆਲ, ਪ੍ਰੋਫ਼ੈਸਰ ਡਾ: ਅਰਸ਼ਦ ਇਕਬਾਲ ਅਰਸ਼ਦ, ਆਸਿਫ਼ ਜਾਵੇਦ ਭੱਟੀ, ਅਲਹਾਜ ਸ਼ੌਕਤ ਨਕਸ਼ਬੰਦੀ, ਮੁਹੰਮਦ ਰਫ਼ੀਕ ਸਾਗਰ, ਸਈਦ ਸਰਦਾਰ ਸੋਹਦਲ, ਪ੍ਰੋਫ਼ੈਸਰ ਆਫ਼ਾਕ ਅਹਿਮਦ, ਅਲੀ ਇਆਨ ਸੋਹਦਲ, ਮੁਹੰਮਦ ਅਰਜ਼ਮ ਅੰਜੁਮ, ਮੁਹੰਮਦ ਮੁਅਰਾਜ ਅੰਜੁਮ, ਮੁਹੰਮਦ ਜ਼ਰਜ਼ਮ ਅੰਜੁਮ, ਮੁਹੰਮਦ ਸਿੰਧ, ਜੀ.ਐਸ. ਵਕਾਸ, ਸ਼ਰੀਫ ਆਬਿਦ, ਹਾਫਿਜ਼ ਅਲੀ ਅਹਿਮਦ ਸਾਬਿਰ, ਅਬਦੁਲ ਸੱਤਾਰ ਅੰਜੁਮ, ਮੁਹੰਮਦ ਅਹਦ ਸੱਤਾਰ, ਮੁਹੰਮਦ ਫੈਜ਼ਾਨ ਅਲੀ, ਮੁਹੰਮਦ ਮੁਰਤਜ਼ਾ, ਅਬੂ ਬਕਰ, ਅਬਦੁੱਲਾ, ਮੁਹੰਮਦ ਅਹਿਸਾਨ, ਆਸਦ ਮੇਓ, ਰਊਫ ਅਹਿਮਦ ਰਾਊਫੀ ਕਸੂਰੀ, ਮੁਹੰਮਦ ਜ਼ੀਸ਼ਾਨ, ਸੋਹੇਲ ਅਸ਼ਰਫ, ਅਲੀ ਗੋਹਰ ਡੋਗਰ, ਹੁਜ਼ੈਫ਼ਾ ਰਫ਼ੀਕ, ਅਬਦੁਲ ਮੁੰਹਮਦ ਅਬਾਦ, ਅਨਾਬ ਮੁੰਹਮਦ ਰਫ਼ੀਕ, ਅਨਾ ਮੁਹੰਮਦ ਰਫ਼ੀਕ, ਅਨਾ ਮੁਹੰਮਦ ਰਫ਼ੀਕ, ਅਲੀ ਗੋਹਰ ਡੋਗਰ। ਸਿੱਦੀਕੀ, ਨਜ਼ੀਰ ਨਜ਼ਰ, ਤੈਮੂਰ ਹਨੀਫ਼ ਅਬਦੁਲ ਰਜ਼ਾਕ ਮੋਹਸਿਨ, ਡਾ: ਅੰਜੁਮ ਰਸ਼ੀਦ, ਫੈਜ਼ਲ ਨਜ਼ੀਰ ਅਨਮੋਲ, ਮੀਆਂ ਅਕੀਲ ਅਹਿਮਦ, ਅਲੀ ਇਮਰਾਨ ਨਕਸ਼ਬੰਦੀ, ਮੁਹੰਮਦ ਅਰਸ਼ਦ, ਮੁਹੰਮਦ ਅਸ਼ਰਫ, ਕਾਸ਼ਿਫ਼ ਅੰਸਾਰੀ ਐਡਵੋਕੇਟ, ਸੋਸ਼ਲ, ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਅਤੇ ਹੋਰ ਬਹੁਤ ਸਾਰੇ ਲੋਕਾਂ ਨੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ।

ਮੀਟਿੰਗ ਦੇ ਅੰਤ ਵਿੱਚ, ਬੁੱਲ੍ਹੇ ਸ਼ਾਹ ਲਾਅ ਕਾਲਜ ਕਸੂਰ ਦੇ ਡਾਇਰੈਕਟਰ ਅਤੇ ਮੁਖੀ, ਸੁਪਰੀਮ ਬੁੱਲ੍ਹੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ, ਆਸੀਫ਼ ਜਾਵੇਦ ਭੱਟੀ ਨੇ ਕਸੂਰ ਜ਼ਿਲ੍ਹੇ ਦੀਆਂ ਸਾਹਿਤਕ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਉਤਸ਼ਾਹਿਤ ਕਰਨ ਲਈ ਬੁੱਲ੍ਹੇ ਸ਼ਾਹ ਅਦਬੀ ਸੰਗਤ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਅਜਿਹੇ ਵਿਦਵਾਨਾਂ ਅਤੇ ਸਾਹਿਤਕ ਵਿਦਵਾਨਾਂ ਦੇ ਭਵਿੱਖ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ। ਉਹ ਇਕੱਠੇ ਹੁੰਦੇ ਰਹੇ।

ਇਕੱਠ ਦੇ ਅੰਤ ਵਿੱਚ, ਭਾਗੀਦਾਰਾਂ ਨੂੰ ਨਾਨ ਹਲੀਮ ਅਤੇ ਗੁੜ ਵਾਲੇ ਚੌਲਾਂ ਨਾਲ ਪਰੋਸਿਆ ਗਿਆ।

ਲਿਖਤ: ਡਾ. ਮੁਹੰਮਦ ਰਿਆਜ਼ ਅੰਜੁਮ
ਪ੍ਰਧਾਨ: ਬੱਲੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ
ਗੁਰਮੁਖੀ ਅਤੇ ਰਿਪੋਰਟ
ਸਲੀਮ ਆਫ਼ਤਾਬ ਸਲੀਮ ਕਸੂਰੀ
ਸੈਕਟਰੀ ਜਨਰਲ: ਬੱਲੇ ਸ਼ਾਹ ਅਦਬੀ ਸੰਗਤ ਰਜਿਸਟਰਡ ਕਸੂਰ

# ਜੇਨੇਸਿਸ ਡੈਂਟਲ ਕਾਲਜ ਦੀ ਪਹਿਲ—ਐਤਵਾਰ ਨੂੰ ਲੱਗਾ ਮੁਫ਼ਤ ਡੈਂਟਲ ਚੈਕਅੱਪ ਕੈਂਪ



**ਫ਼ਿਰੋਜ਼ਪੁਰ, 06 ਜੁਲਾਈ (ਮਨੋਹਰ ਲਾਲ)**:— ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਐਤਵਾਰ ਨੂੰ ਬਾਜੀਦਪੁਰ ਸਥਿਤ ਸ੍ਰੀ ਗੁਰਦੁਆਰਾ ਜਾਮਣੀ ਸਾਹਿਬ ਵਿਖੇ ਮੁਫ਼ਤ ਦੰਦਾਂ ਦੀ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 200 ਤੋਂ ਵੱਧ ਮਰੀਜ਼ਾਂ ਅਤੇ ਸ਼ਰਧਾਲੂਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ: ਦੀਪਕ ਅਤੇ ਡਾ: ਸ਼੍ਰੀਦੁਲ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਦੇ ਨਾਲ—ਨਾਲ ਦੰਦਾਂ ਦੀ ਸੰਭਾਲ ਸਬੰਧੀ ਮਹੱਤਵਪੂਰਨ ਸਲਾਹ ਵੀ ਦਿੱਤੀ। ਡਾਕਟਰਾਂ ਨੇ ਕਿਹਾ ਕਿ ਦੰਦਾਂ ਨੂੰ ਤੰਦਰੁਸਤ ਰੱਖਣ ਲਈ ਰੋਜ਼ਾਨਾ ਸਹੀ ਤਰੀਕੇ ਨਾਲ ਸਫ਼ਾਈ ਕਰਨੀ ਦਿਨ ਵਿੱਚ ਦੋ ਵਾਰ ਬਰਸ਼ ਕਰਨਾ, ਸੰਤੁਲਿਤ ਖੁਰਾਕ ਲੈਣੀ ਅਤੇ ਸਮੇਂ—ਸਮੇਂ ਤੇ ਦੰਦਾਂ ਦੇ ਮਾਹਿਰ ਡਾਕਟਰ ਤੋਂ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੰਦਾਂ ਨਾਲ ਸੰਬੰਧਿਤ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਾ ਕਰਨ ਅਤੇ ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਲੈਣ। ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਸੇਵਾ ਭਾਵਨਾ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਅਤੇ ਟੂਥਪੇਸਟ ਵੰਡੇ। ਉਨ੍ਹਾਂ ਦੱਸਿਆ ਕਿ ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਸਮਾਜ ਸੇਵਾ ਦੇ ਉਦੇਸ਼ ਨਾਲ ਸਮੇਂ—ਸਮੇਂ ਤੇ ਅਜਿਹੇ ਮੁਫ਼ਤ ਸਿਹਤ ਕੈਂਪ ਆਯੋਜਿਤ ਕਰਦਾ ਰਹਿੰਦਾ ਹੈ।

# 'ਸਤਲੁਜ' ਫ਼ਿਲਮ 'ਤੇ ਪਾਬੰਦੀ ਸੱਚ ਨੂੰ ਦਬਾਉਣ ਦੀ ਕੋਸ਼ਿਸ਼, ਸਿੱਖ ਕੌਮ ਨਾਲ ਵੱਡੀ ਨਾ-ਇਨਸਾਫ਼ੀ: ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 6 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਵਿੱਚ 1980 ਅਤੇ 1990 ਦੇ ਦਹਾਕਿਆਂ ਦੌਰਾਨ ਹੋਏ ਕਥਿਤ ਝੂਠੇ ਪੁਲਿਸ ਮੁਕਾਬਲਿਆਂ, ਲਾਪਤਾ ਕੀਤੇ ਗਏ ਨੌਜਵਾਨਾਂ ਅਤੇ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਨੂੰ ਆਧਾਰ ਬਣਾਕੇ ਤਿਆਰ ਕੀਤੀ ਗਈ ਫ਼ਿਲਮ 'ਸਤਲੁਜ', ਜੋ ਬੀਤੇ ਦੋ ਦਿਨ ਪਹਿਲਾਂ ਹੀ ਰਿਲੀਜ਼ ਹੋਈ ਸੀ, ਨੂੰ ਬੈਨ ਕੀਤੇ ਜਾਣ ਦੀਆਂ ਖ਼ਬਰਾਂ ਨੇ ਸਿੱਖ ਭਾਈਚਾਰੇ ਵਿੱਚ ਗਹਿਰੀ ਨਾਰਾਜ਼ਗੀ ਪੈਦਾ ਕਰ ਦਿੱਤੀ ਹੈ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਅਤੇ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਫ਼ਿਲਮ ਵਿੱਚ ਮਨੁੱਖੀ ਅਧਿਕਾਰਾਂ ਦੇ ਕਾਰਕੁਨ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਉਹਨਾਂ ਹਜ਼ਾਰਾਂ ਕਥਿਤ ਲਾਵਾਰਿਸ ਸਸਕਾਰਾਂ ਅਤੇ ਝੂਠੇ ਪੁਲਿਸ ਮੁਕਾਬਲਿਆਂ ਦੀ ਕੀਤੀ ਗਈ ਜਾਂਚ ਨੂੰ ਦਰਸਾਇਆ ਗਿਆ ਹੈ, ਜਿਨ੍ਹਾਂ ਰਾਹੀਂ ਬੇਗੁਨਾਹ ਸਿੱਖ ਨੌਜਵਾਨਾਂ ਦੇ ਮਾਰੇ ਜਾਣ ਦੇ ਦੋਸ਼ ਲਗਦੇ ਰਹੇ ਹਨ। ਫ਼ਿਲਮ ਇਹ ਵੀ ਦਰਸਾਉਂਦੀ ਹੈ ਕਿ ਸੱਚ ਨੂੰ ਸਾਹਮਣੇ ਲਿਆਉਣ ਦੀ ਇਸ ਮੁਹਿੰਮ ਦੌਰਾਨ ਭਾਈ ਜਸਵੰਤ ਸਿੰਘ ਖਾਲੜਾ ਨੂੰ ਅਗਵਾ ਕਰ ਲਿਆ ਗਿਆ ਅਤੇ ਬਾਅਦ ਵਿੱਚ ਉਹ ਲਾਪਤਾ ਹੋ ਗਏ। ਇਸ ਸਬੰਧੀ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਜੇਕਰ ਇਤਿਹਾਸ ਦੀਆਂ ਦਰਦਨਾਕ ਹਕੀਕਤਾਂ ਨੂੰ ਉਜਾਗਰ ਕਰਨ ਵਾਲੀਆਂ ਫ਼ਿਲਮਾਂ 'ਤੇ ਹੀ ਪਾਬੰਦੀ ਲਗਾ ਦਿੱਤੀ ਜਾਵੇ ਤਾਂ ਇਹ ਇਨਸਾਫ਼ ਨਹੀਂ, ਸਗੋਂ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ 'ਤੇ ਹੋਏ ਕਥਿਤ ਜ਼ੁਲਮਾਂ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾਲ ਜੁੜੇ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਣਾ ਬਹੁਤ ਹੀ ਮੰਦਭਾਗਾ ਹੈ। ਅੰਤ ਵਿਚ ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਫ਼ਿਲਮ 'ਸਤਲੁਜ' 'ਤੇ ਲਗਾਈ ਗਈ ਪਾਬੰਦੀ ਤੁਰੰਤ ਹਟਾਈ ਜਾਵੇ ਅਤੇ ਇਸ ਨੂੰ ਸਿਨੇਮਾ ਘਰਾਂ ਵਿੱਚ ਵੀ ਪ੍ਰਦਰਸ਼ਿਤ ਕਰਨ ਦੀ ਇਜਾਜ਼ਤ ਦਿੱਤੀ ਜਾਵੇ, ਤਾਂ ਜੋ ਦੇਸ਼ ਦੀ ਨਵੀਂ ਪੀੜ੍ਹੀ ਪੰਜਾਬ ਦੇ ਉਸ ਦੌਰ ਦੇ ਘਟਨਾਕ੍ਰਮ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਵਿਵਾਦਾਂ ਨੂੰ ਸਮਝ ਸਕੇ। ਉਨ੍ਹਾਂ ਕਿਹਾ ਕਿ ਇਤਿਹਾਸ ਨੂੰ ਦਬਾਉਣ ਨਾਲ ਸੱਚ ਨਹੀਂ ਬਦਲਦਾ, ਸਗੋਂ ਇਨਸਾਫ਼ ਦੀ ਮੰਗ ਹੋਰ ਮਜ਼ਬੂਤ ਹੁੰਦੀ ਹੈ।

# ''ਸਤਲੁਜ' ਫਿਲਮ 'ਤੇ ਰੋਕ ਲਗਾਉਣਾ ਸਿੱਖ ਕੌਮ ਦੇ ਇਤਿਹਾਸ ਅਤੇ ਆਵਾਜ਼ ਨੂੰ ਕੁਚਲਣ ਦੇ ਬਰਾਬਰ: ਸੰਤ ਮੀਤ ਸਿੰਘ



**ਨਵੀਂ ਦਿੱਲੀ, 6 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਵਿੱਚ 1980 ਅਤੇ 1990 ਦੇ ਦਹਾਕਿਆਂ ਦੌਰਾਨ ਵਾਪਰੀਆਂ ਘਟਨਾਵਾਂ, ਕਥਿਤ ਝੂਠੇ ਪੁਲਿਸ ਮੁਕਾਬਲਿਆਂ, ਲਾਪਤਾ ਕੀਤੇ ਗਏ ਨੌਜਵਾਨਾਂ ਅਤੇ ਮਨੁੱਖੀ ਅਧਿਕਾਰਾਂ ਦੇ ਮੁੱਦਿਆਂ ਨੂੰ ਕੇਂਦਰ ਵਿੱਚ ਰੱਖ ਕੇ ਬਣਾਈ ਗਈ ਫ਼ਿਲਮ 'ਸਤਲੁਜ' 'ਤੇ ਪਾਬੰਦੀ ਲਗਾਏ ਜਾਣ ਦੀਆਂ ਖ਼ਬਰਾਂ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਦਿੱਲੀ ਕਮੇਟੀ ਚੋਣਾਂ ਲਈ ਵਾਰਡ ਨੰਬਰ 32 ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦੁਆਰ ਸ. ਸੰਤ ਮੀਤ ਸਿੰਘ ਨੇ ਇਸ ਨੂੰ ਸੱਚ ਨੂੰ ਦਬਾਉਣ ਅਤੇ ਸਿੱਖ ਕੌਮ ਦੇ ਦਰਦ ਨੂੰ ਨਜ਼ਰਅੰਦਾਜ਼ ਕਰਨ ਦੀ ਕੋਸ਼ਿਸ਼ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਫ਼ਿਲਮ ਪੰਜਾਬ ਦੇ ਉਸ ਦੌਰ ਨਾਲ ਜੁੜੇ ਮਨੁੱਖੀ ਅਧਿਕਾਰਾਂ ਦੇ ਕਥਿਤ ਉਲੰਘਣਾਂ ਦੇ ਦੋਸ਼ਾਂ, ਲਾਪਤਾ ਕੀਤੇ ਗਏ ਨੌਜਵਾਨਾਂ ਅਤੇ ਮਨੁੱਖੀ ਅਧਿਕਾਰਾਂ ਦੇ ਕਾਰਕੁਨ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਕੀਤੀ ਗਈ ਜਾਂਚ ਨੂੰ ਲੋਕਾਂ ਸਾਹਮਣੇ ਰੱਖਣ ਦਾ ਇੱਕ ਯਤਨ ਹੈ। ਅਜਿਹੀਆਂ ਰਚਨਾਵਾਂ 'ਤੇ ਪਾਬੰਦੀ ਲਗਾਉਣਾ ਲੋਕਾਂ ਨੂੰ ਇਤਿਹਾਸ ਦੇ ਇੱਕ ਮਹੱਤਵਪੂਰਨ ਪੱਖ ਤੋਂ ਦੂਰ ਰੱਖਣ ਦੇ ਬਰਾਬਰ ਹੈ। ਸ. ਸੰਤ ਮੀਤ ਸਿੰਘ ਨੇ ਕਿਹਾ ਕਿ ਕਿਸੇ ਵੀ ਲੋਕਤੰਤਰੀ ਸਮਾਜ ਵਿੱਚ ਇਤਿਹਾਸਕ ਘਟਨਾਵਾਂ ਅਤੇ ਉਨ੍ਹਾਂ ਨਾਲ ਜੁੜੇ ਵਿਵਾਦਾਂ ਬਾਰੇ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ਲੋਕਤੰਤਰ ਦੀ ਬੁਨਿਆਦ ਹੁੰਦੀ ਹੈ। ਜੇਕਰ ਅਜਿਹੀਆਂ ਫ਼ਿਲਮਾਂ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਿਆ ਜਾਂਦਾ ਹੈ ਤਾਂ ਇਸ ਨਾਲ ਸਵਾਲ ਹੋਰ ਗੰਭੀਰ ਹੋ ਜਾਂਦੇ ਹਨ ਅਤੇ ਇਨਸਾਫ਼ ਦੀ ਮੰਗ ਹੋਰ ਮਜ਼ਬੂਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ 'ਦ ਕਸ਼ਮੀਰ ਫਾਈਲਜ਼' ਅਤੇ ਹੋਰ ਅਨੇਕਾਂ ਫ਼ਿਲਮਾਂ ਨੂੰ ਸਰਕਾਰ ਵੱਲੋਂ ਪ੍ਰੋਤਸਾਹਨ ਦਿੱਤਾ ਜਾ ਸਕਦਾ ਹੈ ਅਤੇ ਟੈਕਸ-ਫ੍ਰੀ ਦਾ ਦਰਜਾ ਦਿੱਤਾ ਜਾ ਸਕਦਾ ਹੈ, ਤਾਂ 'ਸਤਲੁਜ' ਨਾਲ ਵੱਖਰਾ ਅਤੇ ਮਤਰੇਵਾਂ ਵਿਵਹਾਰ ਕਿਉਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਰ ਫ਼ਿਲਮ ਅਤੇ ਹਰ ਇਤਿਹਾਸਕ ਵਿਸ਼ੇ ਨਾਲ ਇੱਕੋ ਜਿਹੇ ਅਤੇ ਨਿਰਪੱਖ ਮਾਪਦੰਡ ਅਪਣਾਉਣੇ ਚਾਹੀਦੇ ਹਨ, ਤਾਂ ਜੋ ਕਿਸੇ ਵੀ ਭਾਈਚਾਰੇ ਨੂੰ ਪੱਖਪਾਤ ਦਾ ਅਹਿਸਾਸ ਨਾ ਹੋਵੇ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ 'ਸਤਲੁਜ' 'ਤੇ ਲਗਾਈ ਗਈ ਪਾਬੰਦੀ ਦੀ ਮੁੜ ਸਮੀਖਿਆ ਕਰਕੇ ਇਸ ਨੂੰ ਹਟਾਇਆ ਜਾਵੇ ਅਤੇ ਲੋਕਾਂ ਨੂੰ ਇਸ ਫ਼ਿਲਮ ਨੂੰ ਦੇਖਣ ਦਾ ਮੌਕਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਇਤਿਹਾਸ ਨੂੰ ਪਾਬੰਦੀਆਂ ਨਾਲ ਨਹੀਂ ਮਿਟਾਇਆ ਜਾ ਸਕਦਾ ਅਤੇ ਸੱਚ ਨੂੰ ਦਬਾਉਣ ਦੀ ਹਰ ਕੋਸ਼ਿਸ਼ ਆਖ਼ਰਕਾਰ ਸੱਚ ਦੀ ਅਹਿਮੀਅਤ ਨੂੰ ਹੋਰ ਉਜਾਗਰ ਕਰਦੀ ਹੈ।

# 'ਸਤਲੁਜ' ਫ਼ਿਲਮ 'ਤੇ ਪਾਬੰਦੀ ਸੱਚ ਨੂੰ ਦਬਾਉਣ ਦੀ ਕੋਸ਼ਿਸ਼, ਇਤਿਹਾਸ ਮਿਟਾਇਆ ਨਹੀਂ ਜਾ ਸਕਦਾ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 6 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਫ਼ਿਲਮ 'ਸਤਲੁਜ' 'ਤੇ ਲਗਾਈ ਗਈ ਪਾਬੰਦੀ ਦੀ ਸਖ਼ਤ ਨਿਖੇਧੀ ਕਰਦਿਆਂ ਦਿੱਲੀ ਗੁਰਦੁਆਰਾ ਕਮੇਟੀ ਦੇ ਸੀਨੀਅਰ ਮੈਂਬਰ, ਜੀਟੀਬੀਆਈਟੀ ਕਾਲਜ ਦੇ ਡਾਇਰੈਕਟਰ ਅਤੇ ਸਮਾਜਿਕ ਕਾਰਕੁਨ ਬੀਬੀ ਰਣਜੀਤ ਕੌਰ ਨੇ ਕਿਹਾ ਕਿ ਇਹ ਸਿਰਫ਼ ਇੱਕ ਫ਼ਿਲਮ 'ਤੇ ਰੋਕ ਨਹੀਂ, ਸਗੋਂ ਪੰਜਾਬ ਦੇ 1980 ਅਤੇ 1990 ਦੇ ਦਹਾਕਿਆਂ ਨਾਲ ਜੁੜੇ ਇਤਿਹਾਸ, ਉਸ ਦੌਰ ਦੇ ਦਰਦ ਅਤੇ ਮਨੁੱਖੀ ਅਧਿਕਾਰਾਂ ਨਾਲ ਸੰਬੰਧਿਤ ਮੁੱਦਿਆਂ ਨੂੰ ਦਬਾਉਣ ਦੀ ਕੋਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਨੂੰ ਪਾਬੰਦੀਆਂ ਰਾਹੀਂ ਮਿਟਾਇਆ ਨਹੀਂ ਜਾ ਸਕਦਾ ਅਤੇ ਸੱਚ ਨੂੰ ਹਮੇਸ਼ਾ ਲਈ ਖ਼ਾਮੋਸ਼ ਨਹੀਂ ਕੀਤਾ ਜਾ ਸਕਦਾ। ਬੀਬੀ ਰਣਜੀਤ ਕੌਰ ਨੇ ਕਿਹਾ ਕਿ 'ਸਤਲੁਜ' ਫ਼ਿਲਮ ਪੰਜਾਬ ਦੇ ਅਸ਼ਾਂਤ ਦੌਰ ਦੌਰਾਨ ਵਾਪਰੀਆਂ ਘਟਨਾਵਾਂ, ਕਥਿਤ ਝੂਠੇ ਪੁਲਿਸ ਮੁਕਾਬਲਿਆਂ, ਲਾਪਤਾ ਕੀਤੇ ਗਏ ਨੌਜਵਾਨਾਂ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਦੋਸ਼ਾਂ ਨੂੰ ਲੋਕਾਂ ਸਾਹਮਣੇ ਲਿਆਉਣ ਦਾ ਇੱਕ ਯਤਨ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਸਿੱਖ ਕੌਮ ਨਾਲ ਸੰਬੰਧਿਤ ਇਤਿਹਾਸਕ ਮੁੱਦਿਆਂ ਨੂੰ ਸਾਹਮਣੇ ਲਿਆਉਣ ਦੀ ਕੋਸ਼ਿਸ਼ ਹੁੰਦੀ ਹੈ ਤਾਂ ਉਨ੍ਹਾਂ ਨੂੰ ਰੋਕਣ ਦੇ ਯਤਨ ਕੀਤੇ ਜਾਂਦੇ ਹਨ, ਜੋ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹਨ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ। ਇਸੇ ਉਦੇਸ਼ ਨਾਲ ਜਲਦ ਹੀ ਜੀਟੀਬੀਆਈਟੀ ਕਾਲਜ ਵਿੱਚ ਵਿਦਿਆਰਥੀਆਂ ਲਈ 'ਸਤਲੁਜ' ਫ਼ਿਲਮ ਦੀ ਵਿਸ਼ੇਸ਼ ਸਕ੍ਰੀਨਿੰਗ ਕਰਵਾਈ ਜਾਵੇਗੀ, ਤਾਂ ਜੋ ਉਹ 1980-90 ਦੇ ਦਹਾਕੇ ਦੌਰਾਨ ਪੰਜਾਬ ਵਿੱਚ ਵਾਪਰੀਆਂ ਘਟਨਾਵਾਂ ਅਤੇ ਉਸ ਸਮੇਂ ਨਾਲ ਜੁੜੇ ਵੱਖ-ਵੱਖ ਇਤਿਹਾਸਕ ਪੱਖਾਂ ਬਾਰੇ ਜਾਣਕਾਰੀ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਇਤਿਹਾਸ ਨੂੰ ਸਮਝਣਾ ਹਰ ਨੌਜਵਾਨ ਦਾ ਹੱਕ ਹੈ ਅਤੇ ਅਤੀਤ ਤੋਂ ਸਿੱਖ ਕੇ ਹੀ ਭਵਿੱਖ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਬੀਬੀ ਰਣਜੀਤ ਕੌਰ ਨੇ ਕੇਂਦਰ ਅਤੇ ਸੰਬੰਧਿਤ ਅਧਿਕਾਰੀਆਂ ਤੋਂ ਮੰਗ ਕੀਤੀ ਕਿ 'ਸਤਲੁਜ' ਫ਼ਿਲਮ 'ਤੇ ਲਗਾਈ ਗਈ ਪਾਬੰਦੀ ਤੁਰੰਤ ਵਾਪਸ ਲਈ ਜਾਵੇ ਅਤੇ ਇਸ ਦੇ ਜਨਤਕ ਪ੍ਰਦਰਸ਼ਨ ਦਾ ਰਾਹ ਸਾਫ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੱਚ, ਇਤਿਹਾਸ ਅਤੇ ਵਿਚਾਰਾਂ ਨੂੰ ਰੋਕਣ ਦੀ ਬਜਾਏ ਉਨ੍ਹਾਂ 'ਤੇ ਖੁੱਲ੍ਹੀ ਚਰਚਾ ਹੋਣੀ ਚਾਹੀਦੀ ਹੈ, ਕਿਉਂਕਿ ਇਨਸਾਫ਼ ਅਤੇ ਸੱਚਾਈ ਹੀ ਇੱਕ ਮਜ਼ਬੂਤ ਅਤੇ ਲੋਕਤੰਤਰੀ ਸਮਾਜ ਦੀ ਨੀਂਹ ਹੁੰਦੇ ਹਨ।

ਬਹਿਰੂਪੀਏ ਵਿਕੀ ਥੋਮਸ ਸਿੰਘ ਦੀਆਂ ਹਰਕਤਾਂ ਨੂੰ ਪਰਖਦਿਆਂ ਅਗਸਤ 2024 ਵਿੱਚ ਲਿਖਿਆ ਸੀ ਸਭ ਕੁਝ

# ਦੀਪ ਸਿੱਧੂ ਇੱਕ ਗੱਲ ਕਹਿੰਦਾ ਹੁੰਦਾ ਸੀ ਵਕਤ ਸਭ ਨਿਤਾਰਾ ਕਰ ਦਿੰਦਾ





**ਕਹਿੰਦਾ ਸੀ**, 15 ਦਿਨਾਂ ਚ ਮਾਫੀ ਮੰਗ ਲਿਖਤੀ ਤੇ ਵੀਡੀਓ ਦੇ ਵਿੱਚ ।ਗੱਲ ਅਗਸਤ 2024 ਦੀ ਆ । ਵਿਕੀ ਥੋਮਰ ਸਿੰਘ ਦੀ ਮਾਨਸਿਕਤਾ ਦੇ ਲੈਵਲ ਦਾ ਮੈਨੂੰ ਉਦੋਂ ਪਤਾ ਲੱਗ ਗਿਆ ਸੀ, ਕੀ ਇਹ ਸਿੱਖ ਸਿਧਾਂਤਾਂ ਤੇ ਸਿੱਖ ਰਹਿਤ ਮਰਿਆਦਾ ਤੋਂ ਉੱਪਰ ਸਮਝਦਾ ਹੈ ਆਪਣੇ ਆਪ ਨੂੰ । ਵਿੱਕੀ ਥੋਮਸ ਸਿੰਘ ਨੇ ਕਦੇ ਵੀ ਸ਼੍ਰੀ ਅਕਾਲ ਤਖਤ ਸਾਹਿਬ ਦੀ ਸਰਬਉੱਚਤਾ ਨੂੰ ਬਣਾਕੇ ਰੱਖਣਾ ਜਰੂਰੀ ਨਹੀਂ ਸਮਝਿਆ ਸੀ । ਨਾ ਹੀ ਪੰਜ ਪਿਆਰਿਆਂ ਦੀ ਇਕੱਤਰਤਾ ਦੀ ਉਡੀਕ ਕਰਦਾ ਸੀ । ਖੁਦ ਹੀ ਜੱਜ ਬਣ ਕੇ, ਖੁਦ ਹੀ ਫੈਸਲਾ ਸੁਣਾ ਦੇਣਾ, ਖੁਦ ਹੀ ਸਜ਼ਾ ਦੇ ਦੇਣੀ । ਜੇ ਕਿਸੇ ਨੇ ਉਸ ਮਸਲੇ ਤੇ ਬੋਲਣਾ ਤਾਂ ਉਹਨੂੰ ਹਲਕੇ ਕੁੱਤੇ ਵਾਂਗੂ ਵੱਢਣ ਪੈਣਾ । ਜਿੰਨੇ ਵੀ ਪੰਜਾਬ ਦੇ ਸੋਸ਼ਲ ਮੀਡੀਆ ਦੇ ਵਿੱਚ ਸੁਰਖੀਆਂ ਦੇ ਵਿੱਚ ਰਹਿਣ ਵਾਲੇ ਬੰਦੇ ਹਨ ਉਨਾਂ ਸਭ ਨਾਲ ਵਿੱਕੀ ਥੋਮਸ ਸਿੰਘ ਉਲਝਿਆ । 2024 ਚ ਮੇਰੇ ਵੱਲੋਂ ਲਿਖੀ ਲਿਖਤ ਨੂੰ ਹਟਵਾਉਣ ਲਈ ਵਿੱਕੀ ਥੋਮਸ ਸਿੰਘ ਨੇ ਆਵਾਜਿ ਕੌਮ ਇੰਟਰਨੈਸ਼ਨਲ ਨਿਊਜ਼ ਪੇਪਰ ਦੇ ਹੈਡ ਸਰਦਾਰ ਰਘਵੀਰ ਸਿੰਘ ਨੂੰ ਵੀ ਕੀਤਾ ਸੀ ਫੋਨ ਜਦੋਂ ਵਿੱਕੀ ਥੋਮਸ ਸਿੰਘ ਨੇ ਸਰਦਾਰ ਰਘਵੀਰ ਸਿੰਘ ਨੂੰ ਫੋਨ ਕੀਤਾ ਤਾਂ ਉਹਨਾਂ ਦਾ ਫੋਨ ਮੈਨੂੰ ਆਇਆ । ਤੇ ਉਹਨਾਂ ਨੇ ਪੁੱਛਿਆ ਜੋ ਤੂੰ ਇਲਜ਼ਾਮ ਲਗਾਏ ਹਨ ਕੀ ਤੂੰ ਇਹਨਾਂ ਨੂੰ ਸਾਬਤ ਕਰ ਦੇਵੇਗਾ, ਮੈਂ ਕਿਹਾ ਜੀ ਹਾਂ । ਮੈਂ ਸਪਸ਼ਟ ਤੌਰ ਤੇ ਸਰਦਾਰ ਰਘਵੀਰ ਸਿੰਘ ਜੀ ਨੂੰ ਕਿਹਾ ਕਿ ਜੋ ਮੈਂ ਲਿਖਤ ਲਿਖੀ ਹੈ ਉਸ ਦਾ ਜਿੰਮੇਵਾਰ ਮੈਂ ਹਾਂ ਤੁਸੀਂ ਵਿੱਕੀ ਥੋਮਸ ਸਿੰਘ ਨੂੰ ਕਹੋ ਕਿ ਜੋ ਵੀ ਕਾਰਵਾਈ ਉਹ ਕਰਨੀ ਚਾਹੇ ਉਹ ਮੇਰੇ ਤੇ ਕਰੇ । ਦੀਪ ਸਿੱਧੂ ਕਹਿੰਦਾ ਹੁੰਦਾ ਸੀ ਵਕਤ ਸਭ ਨਿਤਾਰਾ ਕਰ ਦਿੰਦਾ । ਮੈਂ ਉਸ ਵੇਲੇ ਵੀ ਆਪਣੇ ਸਟੈਂਡ ਤੇ ਕਾਇਮ ਸੀ ਤੇ ਮੈਂ ਅੱਜ ਵੀ ਆਪਣੇ ਸਟੈਂਡ ਤੇ ਕਾਇਮ ਹਾ । ਮਾਫੀ ਤਾਂ ਉਹ ਮੰਗੇ ਜਿਹਨੇ ਕੋਈ ਮਾਨਹਾਨੀ ਕੀਤੀ ਹੋਵੇ ਜਿਹਨੇ ਸੱਚ ਲਿਖਿਆ ਹੋਵੇ ਓਹੋ ਸਟੈਂਡ ਕਿਉਂ ਬਦਲੇਗਾ ਭਲਾ । ਹਾਲਾਂਕਿ ਬਾਅਦ ਵਿੱਚ ਮੇਰੇ ਬਹੁਤ ਹੀ ਕਰੀਬੀ ਦੋਸਤ ਮੇਰੇ ਅਜ਼ੀਜ਼ ਮਾਨ ਸਿੰਘ ਅਕਾਲੀ (ਜਸਵੀਰ ਸਿੰਘ ਮਾਨ) ਪੰਥ ਬੁੱਢਾ ਦਲ 96 ਕਰੋੜੀ ਜੀ ਦੀ ਦਖਲ ਅੰਦਾਜ਼ੀ ਤੋਂ ਬਾਅਦ ਵਿੱਕੀ ਥੋਮਸ ਸਿੰਘ ਸ਼ਾਂਤ ਹੋ ਕੇ ਬੈਠ ਗਿਆ । ਜਿਨਾਂ ਦਾ ਮੈਂ ਅੱਜ ਵੀ ਦਿਲੋਂ ਰਿਣੀ ਹਾਂ । ਉਸ ਵੇਲੇ ਮੈਂ ਦਮਦਮੀ ਟਕਸਾਲ ਰਾਜਪੁਰਾ ਬਲਜਿੰਦਰ ਸਿੰਘ ਪਰਵਾਨਾ ਜੀ ਨਾਲ ਵੀ ਗੱਲ ਕੀਤੀ ਸੀ ਜਿਨਾਂ ਨੇ ਹਰੇਕ ਥਾਂ ਤੇ ਨਾਲ ਖੜੇ ਰਹਿਣ ਦਾ ਭਰੋਸਾ ਦਿੱਤਾ ਸੀ । ਮੈਂ ਉਹਨਾਂ ਦਾ ਵੀ ਦਿਲੋਂ ਰਿਣੀ ਹਾਂ । ਨੌਜਵਾਨ ਨੇਤਾ ਹਰਮੀਤ ਸਿੰਘ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਟਿਆਲਾ ਤੋਂ, ਉਸ ਭਰਾ ਨੇ ਵੀ ਮੈਨੂੰ ਹਰੇਕ ਤਰ੍ਹਾਂ ਦਾ ਸਾਥ ਦੇਣ ਦਾ ਭਰੋਸਾ ਦਿੱਤਾ ਸੀ । ਮੈਂ ਵੀਰ ਦਾ ਅੱਜ ਵੀ ਰਿਣੀ ਹਾਂ ।

**-ਪਰਗਟ ਸਿੰਘ ਬਲਬੇੜਾ** 9022000070

> ☛ ਜਿਸ ਦੇ ਬਦਲੇ ਵਿਕੀ ਥੋਮਸ ਸਿੰਘ ਨੇ ਮੈਨੂੰ ਮਾਨਹਾਨੀ ਦਾ ਸਮਣ ਭੇਜਿਆ ਸੀ ☛ ਜਿਸ ਨੂੰ ਅੱਜ ਬਹੁਤ ਸਾਰੀਆਂ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ ਸੋਧਾ ਲਾਉਣ ਵਾਸਤੇ ਲੱਭ ਰਹੇ ਨੇ

ਨਾਰਦਰਨ ਰੇਲਵੇ ਮੈਨਜ਼ ਯੂਨੀਅਨ ਦੇ

# ਨਵੇਂ ਚੁਣੇ ਅਹੁਦੇਦਾਰਾਂ ਦਾ ਕੀਤਾ ਭਰਵਾਂ ਸਵਾਗਤ



ਫ਼ਿਰੋਜ਼ਪੁਰ, 06 ਜੁਲਾਈ (ਮਨੋਹਰ ਲਾਲ) :— ਨਾਰਦਰਨ ਰੇਲਵੇ ਮੈਨਜ਼ ਯੂਨੀਅਨ (ਐਨ. ਆਰ ਐਮ ਯੂ) ਫਿਰੋਜ਼ਪੁਰ ਮੰਡਲ ਦਫ਼ਤਰ ਵਿੱਚ ਨਵੇਂ ਚੁਣੇ ਮੰਡਲ ਅਹੁਦੇਦਾਰਾਂ ਦੇ ਸਨਮਾਨ ਵਿੱਚ ਭਰਵਾਂ ਸਵਾਗਤ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਮੰਡਲ ਦੇ ਸੈਂਕੜਿਆਂ ਰੇਲ ਕਰਮਚਾਰੀਆਂ ਅਤੇ ਯੂਨੀਅਨ ਅਹੁਦੇਦਾਰਾਂ ਨੇ ਸ਼ਮੂਲੀਅਤ ਕਰਦੇ ਹੋਏ ਫੁੱਲਾਂ ਦੀਆਂ ਮਾਲਾਵਾਂ ਅਤੇ ਜੋਸ਼ੀਲੇ ਨਾਅਰਿਆਂ ਨਾਲ ਨਵੇਂ ਅਹੁਦੇਦਾਰਾਂ ਦਾ ਨਿੱਘਾ ਸਵਾਗਤ ਕੀਤਾ।

ਇਸ ਮੌਕੇ ਰੇਲ ਕਰਮਚਾਰੀਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਨੇਤ੍ਰਿਤਵ ਹੇਠ ਯੂਨੀਅਨ ਹੋਰ ਮਜ਼ਬੂਤ ਹੋਵੇਗੀ ਅਤੇ ਕਰਮਚਾਰੀਆਂ ਦੇ ਹੱਕਾਂ ਦੀ ਰੱਖਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕੀਤਾ ਜਾਵੇਗਾ। ਸਮਾਗਮ ਵਿੱਚ ਕੇਂਦਰੀ ਉਪ ਪ੍ਰਧਾਨ ਕਾਮਰੇਡ ਪਰਵੀਨ ਕੁਮਾਰ, ਕਾਮਰੇਡ ਸੁਰਿੰਦਰ ਸਿੰਘ ਅਤੇ ਲੁਧਿਆਣਾ ਤੋਂ ਪਹੁੰਚੇ ਕਾਮਰੇਡ ਅਸ਼ੋਕ ਕੁਮਾਰ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਉਨ੍ਹਾਂ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਰੇਲ ਕਰਮਚਾਰੀਆਂ ਦੇ ਹਿੱਤਾਂ ਲਈ ਮਿਲਜੁਲ ਕੇ ਕੰਮ ਕਰਨ ਦਾ ਸੱਦਾ ਦਿੱਤਾ। ਇਸ ਦੌਰਾਨ ਕਾਮਰੇਡ ਪੰਕਜ ਮਹਿਤਾ ਨੇ ਮੰਡਲ ਪ੍ਰਧਾਨ, ਕਾਮਰੇਡ ਸੁਭਾਸ਼ ਸ਼ਰਮਾ ਨੇ ਮੰਡਲ ਸਕੱਤਰ ਅਤੇ ਸ਼੍ਰੀਮਤੀ ਤਨਮਨ ਸ਼ਰਮਾ ਨੇ ਮੰਡਲ ਖ਼ਜ਼ਾਨਚੀ ਵਜੋਂ ਅਹੁਦਾ ਸੰਭਾਲਿਆ। ਸਮਾਗਮ ਵਿੱਚ ਫਿਰੋਜ਼ਪੁਰ, ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਸਮੇਤ ਮੰਡਲ ਦੀਆ ਵੱਖ—ਵੱਖ ਸ਼ਾਖਾਵਾਂ ਤੋਂ ਵੱਡੀ ਗਿਣਤੀ ਵਿੱਚ ਅਹੁਦੇਦਾਰਾਂ ਅਤੇ ਰੇਲ ਕਰਮਚਾਰੀਆਂ ਨੇ ਹਾਜ਼ਰੀ ਭਰੀ। ਅੰਤ ਵਿੱਚ ਨਵੇਂ ਚੁਣੇ ਅਹੁਦੇਦਾਰਾਂ ਨੇ ਸਮੂਹ ਕਰਮਚਾਰੀਆਂ ਅਤੇ ਯੂਨੀਅਨ ਵਰਕਰਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਰੇਲ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ, ਉਨ੍ਹਾਂ ਦੇ ਹੱਕਾਂ ਦੀ ਰੱਖਿਆ ਅਤੇ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨਗੇ। ਸਮਾਗਮ ਦਾ ਸਮਾਪਨ ਮਜ਼ਦੂਰ ਏਕਤਾ ਅਤੇ ਯੂਨੀਅਨ ਦੀ ਮਜ਼ਬੂਤੀ ਦੇ ਹੱਕ ਵਿੱਚ ਗੂੰਜਦੇ ਨਾਅਰਿਆਂ ਨਾਲ ਹੋਇਆ।

ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਫਿਲਮ 'ਸਤਲੁਜ' 'ਤੇ ਪਾਬੰਦੀ ਦੀ ਨਿਖੇਧੀ

# ਇਤਿਹਾਸਕ ਸੱਚਾਈ ਲੋਕਾਂ ਸਾਹਮਣੇ ਆਉਣੀ ਲਾਜ਼ਮੀ: ਕਾਲਕਾ, ਕਾਹਲੋਂ




**ਨਵੀਂ ਦਿੱਲੀ, 6 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮਨੁੱਖੀ ਅਧਿਕਾਰ ਕਾਰਕੁੰਨ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਆਧਾਰਿਤ ਫਿਲਮ 'ਸਤਲੁਜ' 'ਤੇ ਰਿਲੀਜ਼ ਤੋਂ ਦੋ ਦਿਨ ਬਾਅਦ ਲਗਾਈ ਗਈ ਪਾਬੰਦੀ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਫ਼ੈਸਲੇ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਫਿਲਮ ਮਨੋਰੰਜਨ ਲਈ ਨਹੀਂ, ਸਗੋਂ 1990ਵਿਆਂ ਦੇ ਪੰਜਾਬ ਨਾਲ ਜੁੜੇ ਇਤਿਹਾਸਕ ਤੱਥਾਂ ਅਤੇ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਸਾਹਮਣੇ ਲਿਆਂਦੇ ਗਏ ਸੱਚ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਬਣਾਈ ਗਈ ਸੀ। ਉਨ੍ਹਾਂ ਕਿਹਾ ਕਿ ਦਸਤਾਵੇਜ਼ੀ ਸਬੂਤਾਂ 'ਤੇ ਆਧਾਰਿਤ ਅਜਿਹੇ ਵਿਸ਼ਿਆਂ ਨੂੰ ਦਬਾਉਣ ਦੀ ਬਜਾਏ ਲੋਕਾਂ ਸਾਹਮਣੇ ਆਉਣ ਦੇਣਾ ਚਾਹੀਦਾ ਹੈ। ਦਿੱਲੀ ਗੁਰਦੁਆਰਾ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਫਿਲਮ ਨੂੰ ਓਟੀਟੀ ਪਲੇਟਫਾਰਮ 'ਤੇ ਰਿਲੀਜ਼ ਹੋਣ ਤੋਂ ਬਾਅਦ ਦੇਸ਼-ਵਿਦੇਸ਼ ਵਿੱਚ ਭਰਵਾਂ ਹੁੰਗਾਰਾ ਮਿਲਿਆ ਅਤੇ ਦਰਸ਼ਕਾਂ ਨੇ ਇਸ ਦੀ ਸ਼ਲਾਘਾ ਕੀਤੀ। ਅਜਿਹੇ ਸਮੇਂ ਇਸ 'ਤੇ ਪਾਬੰਦੀ ਲਗਾਉਣਾ ਨਾ ਸਿਰਫ਼ ਫਿਲਮ ਪ੍ਰੇਮੀਆਂ, ਸਗੋਂ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਵੀ ਠੇਸ ਪਹੁੰਚਾਉਣ ਵਾਲਾ ਕਦਮ ਹੈ। ਉਨ੍ਹਾਂ ਮੰਗ ਕੀਤੀ ਕਿ ਫਿਲਮ 'ਤੇ ਲਗਾਈ ਗਈ ਪਾਬੰਦੀ ਤੁਰੰਤ ਹਟਾਈ ਜਾਵੇ ਤਾਂ ਜੋ ਨੌਜਵਾਨ ਪੀੜੀ ਪੰਜਾਬ ਦੇ ਇਤਿਹਾਸ ਦੇ ਇਸ ਮਹੱਤਵਪੂਰਨ ਅਧਿਆਇ ਅਤੇ ਉਸ ਨਾਲ ਜੁੜੇ ਤੱਥਾਂ ਤੋਂ ਜਾਣੂ ਹੋ ਸਕੇ।

# ਸ਼ਹੀਦ ਜਸਵੰਤ ਸਿੰਘ ਖਾਲੜਾ ਤੇ ਬਣੀ ਫਿਲਮ ਸਤਲੁਜ ਪੰਜਾਬ 95 ਤੇ ਸਰਕਾਰ ਨੇ ਲਗਾਇਆ ਬੈਨ—ਸਿੱਖ ਜਥੇਬੰਦੀਆਂ ਵਲੋਂ ਤਿੱਖਾ ਵਿਰੋਧ



ਫ਼ਿਰੋਜ਼ਪੁਰ, 06 ਜੁਲਾਈ (ਮਨੋਹਰ ਲਾਲ) :— ਸ਼ਹੀਦ ਸਰਦਾਰ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ ਤੇ ਅਧਾਰਿਤ ਬਣੀ ਫਿਲਮ ਸਤਲੁਜ ਪੰਜਾਬ 95 ਨੂੰ ਲੈ ਕੇ ਵੱਡਾ ਵਿਵਾਦ ਖੜ੍ਹਾ ਹੋ ਗਿਆ ਹੈ। ਸਰਕਾਰ ਵੱਲੋਂ ਇਸ ਫਿਲਮ ਦੇ ਚੱਲਣ ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਗਈ ਹੈ, ਜਿਸ ਕਾਰਨ ਸਿੱਖ ਜਗਤ ਅਤੇ ਮਨੁੱਖੀ ਅਧਿਕਾਰ ਕਾਰਕੁਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਗੱਲਬਾਤ ਕਰਦਿਆਂ ਕਲਗੀਧਰ ਸੰਚਾਰ ਜਥੇ ਦੇ ਭਾਈ ਬਲਕਾਰ ਸਿੰਘ ਇਲਮੇਵਾਲਾ ਨੇ ਕਿਹਾ ਕਿ ਮਿਲੀ ਜਾਣਕਾਰੀ ਅਨੁਸਾਰ ਇਹ ਫਿਲਮ ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਪੰਜਾਬ ਵਿੱਚ ਲਾਵਾਰਿਸ ਲਾਸ਼ਾਂ ਦੇ ਮਾਮਲੇ ਨੂੰ ਉਜਾਗਰ ਕਰਨ ਲਈ ਕੀਤੇ ਗਏ ਸੰਘਰਸ਼ ਤੇ ਕੇਂਦਰਿਤ ਸੀ। ਫਿਲਮ ਦੇ ਪ੍ਰਦਰਸ਼ਨ ਤੇ ਸਰਕਾਰੀ ਬੈਨ ਲਗਾਏ ਜਾਣ ਤੋਂ ਬਾਅਦ ਵੱਖ—ਵੱਖ ਸਿੱਖ ਜਥੇਬੰਦੀਆਂ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਕਲਗੀਧਰ ਸੰਚਾਰ ਜਥੇ ਦੇ ਭਾਈ ਬਲਕਾਰ ਸਿੰਘ ਇਲਮੇਵਾਲਾ ਅਤੇ ਹੋਰ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਇਸ ਫੈਸਲੇ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਨੂੰ ਅਜਿਹਾ ਬੈਨ ਨਹੀਂ ਲਗਾਉਣਾ ਚਾਹੀਦਾ ਸੀ। ਆਗੂਆਂ ਦਾ ਮੰਨਣਾ ਹੈ ਕਿ ਇਹ ਫਿਲਮ ਇਤਿਹਾਸਕ ਸੱਚਾਈਆਂ ਤੇ ਆਧਾਰਿਤ ਹੈ ਅਤੇ ਇਸ ਤੇ ਪਾਬੰਦੀ ਲਗਾਉਣਾ ਪ੍ਰਗਟਾਵੇ ਦੀ ਆਜ਼ਾਦੀ ਤੇ ਹਮਲਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਸੱਚਾਈ ਨੂੰ ਸਾਹਮਣੇ ਆਉਣ ਤੋਂ ਰੋਕਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਸਰਦਾਰ ਜਸਵੰਤ ਸਿੰਘ ਖਾਲੜਾ ਇੱਕ ਮਨੁੱਖੀ ਅਧਿਕਾਰ ਕਾਰਕੁਨ ਸਨ, ਜਿਨ੍ਹਾਂ ਨੇ 1990 ਦੇ ਦਹਾਕੇ ਵਿੱਚ ਪੰਜਾਬ ਵਿੱਚ ਪੁਲਿਸ ਹਿਰਾਸਤ ਵਿੱਚ ਹੋਈਆਂ ਮੌਤਾਂ ਅਤੇ ਗੈਰ ਕਾਨੂੰਨੀ ਢੰਗ ਨਾਲ ਸਸਕਾਰ ਕੀਤੀਆਂ ਗਈਆਂ ਹਜ਼ਾਰਾਂ ਲਾਵਾਰਿਸ ਲਾਸ਼ਾਂ ਦਾ ਪਰਦਾਫਾਸ਼ ਕੀਤਾ ਸੀ। ਉਨ੍ਹਾਂ ਦੇ ਇਸ ਕੰਮ ਨੇ ਕੌਮਾਂਤਰੀ ਪੱਧਰ ਤੇ ਧਿਆਨ ਖਿੱਚਿਆ ਸੀ। ਬਾਅਦ ਵਿੱਚ ਉਨ੍ਹਾਂ ਨੂੰ ਪੁਲਿਸ ਨੇ ਹਿਰਾਸਤ ਵਿੱਚ ਲੈ ਕੇ ਝੂਠੇ ਮੁਕਾਬਲੇ ਵਿੱਚ ਮਾਰ ਦਿੱਤਾ ਗਿਆ ਸੀ।

# ਰੋਸ਼ਨੀ ਦੀ ਰਾਹ ਪੁਸਤਕ ਹੋਈ ਲੋਕ ਅਰਪਿਤ




**ਫ਼ਿਰੋਜ਼ਪੁਰ, 06 ਜੁਲਾਈ (ਮਨੋਹਰ ਲਾਲ)** :—ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ੍ਰੀ ਪੀ.ਸੀ ਕੁਮਾਰ ਸਵੇਰ ਦੀ ਸਭਾ ਵਿਚ ਆਏ ਤੇ ਹਮੇਸ਼ਾ ਦੀ ਤਰ੍ਹਾਂ ਉਨ੍ਹਾਂ ਨੇ ਵੱਖ—ਵੱਖ ਵਿਸ਼ਿਆਂ ਤੇ ਬੱਚਿਆਂ ਨੂੰ ਸੰਬੋਧਨ ਕੀਤਾ। ਇਸ ਦੌਰਾਨ ਉਨ੍ਹਾਂ ਨੈਤਿਕ ਸਿੱਖਿਆ, ਧਾਰਮਿਕ ਸਿੱਖਿਆ, ਸਮੇਂ ਦੀ ਕਦਰ ਅਤੇ ਆਪਣੇ ਆਲੇ—ਦੁਆਲੇ ਦੀ ਸਫਾਈ ਬਾਰੇ ਬੱਚਿਆਂ ਨੂੰ ਜਾਗਰੂਕ ਕੀਤਾ। ਸ੍ਰੀ ਪੀ.ਸੀ ਕੁਮਾਰ ਜ਼ੋ ਪਿਛਲੇ 50 ਸਾਲਾਂ ਤੋਂ ਫ਼ਿਰੋਜ਼ਪੁਰ ਸ਼ਹਿਰ ਵਿਚ ਸਮਾਜ ਸੇਵਕ ਦੇ ਤੌਰ ਤੇ ਆਪਣਾ ਅਹਿਮ ਯੋਗਦਾਨ ਪਾ ਰਹੇ ਹਨ, ਅਸੀਂ ਸਾਰੇ ਉਨ੍ਹਾਂ ਨੂੰ ਆਪਣੇ ਸਕੂਲ ਵਿਚ ਆਉਣ ਤੇ ਜੀ ਆਇਆ ਨੂੰ ਕਹਿੰਦੇ ਹਾਂ। ਇਸ ਤੋਂ ਇਲਾਵਾ ਅੱਜ ਉਨ੍ਹਾਂ ਦਾ ਅਹਿਮ ਵਿਸ਼ਾ ਆਪਣੀ ਧਰਮ ਪਤਨੀ ਦੀ ਯਾਦ ਵਿਚ ਰੋਸ਼ਨੀ ਦੀ ਰਾਹ ਨਾਮ ਦੀ ਪੁਸਤਕ ਰਿਲੀਜ ਕਰਨਾ ਸੀ। ਇਸ ਪੁਸਤਕ ਵਿਚ ਬਹੁਤ ਹੀ ਸਿੱਖਿਆਦਾਇਕ ਕਹਾਣੀਆਂ ਅੰਕਿਲ ਹਨ, ਜਿਸ ਤੋਂ ਅੱਜ ਦੇ ਬੱਚੇ ਬਹੁਤ ਪ੍ਰੇਰਣਾ ਹਾਸਲ ਕਰ ਸਕਦੇ ਹਨ। ਅੱਜ ਦੇ ਸਮੇਂ ਦੀ ਵੀ ਮੰਗ ਹੈ ਕਿ ਕਲਯੁੱਗ ਦੇ ਇਸ ਸਮੇਂ ਵਿਚ ਸਾਡੇ ਬੱਚਿਆਂ ਨੂੰ ਇਸ ਕਿਤਾਬ ਰਾਹੀਂ ਸਹੀ ਮਾਰਗ ਦਰਸ਼ਨ ਮਿਲੇਗਾ। ਅਖੀਰ ਵਿਚ ਮਹਾਤਮਾ ਜੀ, ਸ੍ਰੀ ਪੀ.ਸੀ ਕੁਮਾਰ ਅਤੇ ਉਨ੍ਹਾਂ ਦੀ ਪਿਆਰੀ ਬੇਟੀ ਸ੍ਰੀਮਤੀ ਪੂਨਮ ਮਹੌਦੀਰਤ ਅਤੇ ਹੋਰ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਬੁੱਕ ਰਿਲੀਜ ਕਰਦੇ ਸਮੇਂ ਸ੍ਰੀ ਪੀ.ਸੀ ਕੁਮਾਰ ਦੀ ਸਵ: ਪਤਨੀ ਜ਼ੋ ਕਿ ਸਰੀਰਕ ਤੌਰ ਤੇ ਸਾਡੇ ਵਿਚ ਅੱਜ ਨਹੀਂ ਹਨ, ਪਰ ਉਨ੍ਹਾਂ ਦੀ ਅਗਾਂਹਵਧੂ ਸੋਚ ਦੀ ਅਸੀਂ ਪ੍ਰਸੰਸਾ ਕਰਦੇ ਹਾਂ, ਉਹ ਆਪਣੀ ਪੁਸਤਕ ਰੋਸ਼ਨੀ ਦੀ ਰਾਹ ਸਦਕਾ ਹਮੇਸ਼ਾ ਅਮਰ ਰਹਿਣਗੇ।

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਕਪੂਰਥਲਾ ਦੇ ਆਹੁਦੇਦਾਰਾਂ ਦੀ ਵੱਖ ਵੱਖ ਮਸਲਿਆਂ ਸੰਬੰਧੀ ਵਿਚਾਰ ਵਟਾਂਦਰਾ ਮੀਟਿੰਗ ਆਯੋਜਿਤ

**ਕਪੂਰਥਲਾ, 6 ਜੁਲਾਈ ( ਆਵਾਜ਼ਿ ਕੌਮ ਬਿਊਰੋ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜਿਲ੍ਹਾ ਕਪੂਰਥਲਾ ਦੇ ਆਹੁਦੇਦਾਰਾਂ ਦੀ ਅੱਜ ਇੱਕ ਅਹਿਮ ਵਿਚਾਰ ਵਟਾਂਦਰਾ ਮੀਟਿੰਗ ਐਸੋਸੀਏਸ਼ਨ ਦੇ ਜਿਲ੍ਹਾ ਪ੍ਰਧਾਨ ਸੁੱਚਾ ਸਿੰਘ ਅਤੇ ਜਿਲ੍ਹਾ ਜਨਰਲ ਸਕੱਤਰ ਗੁਰਦੀਪ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ 17 ਜੁਲਾਈ ਦੇ ਪੰਜਾਬ ਗੌਰਮਿੰਟ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਮੁਲਾਜ਼ਮ ਮੰਚ ਦੇ ਸੱਦੇ ਉੱਤੇ ਚੰਡੀਗੜ੍ਹ ਵਿਖੇ ਹੋ ਰਹੀ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਨਾਲ਼ ਹੀ 29 ਜੁਲਾਈ ਦੀ ਪੰਜਾਬ ਗੌਰਮਿੰਟ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਰੱਖੀ ਗਈ ਸੰਗਰੂਰ ਰੈਲੀ ਵਿੱਚ ਵੀ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਜਾਵੇਗੀ। ਮੀਟਿੰਗ ਦੌਰਾਨ ਸੁਖਵਿੰਦਰ ਸਿੰਘ ਚੀਮਾ, ਵਿਨੋਦ ਕਪੂਰ, ਹਰੀਸ਼ ਚੋਪੜਾ, ਐਡਵੋਕੇਟ ਦਲਜੀਤ ਸਿੰਘ ਸਹੋਤਾ, ਹਰਿੰਦਰ ਸਿੰਘ ਚੀਮਾ, ਜਸਵੰਤ ਵਿਰਲੀ, ਸੇਵਾ ਹੈਡਮਾਸਟਰ ਪਿੰਦਰਪਾਲ ਸਿੰਘ, ਪ੍ਰਿੰਸੀਪਲ ਤਰਸੇਮ ਲਾਲ ਸ਼ਾਸਤਰੀ ਨੇ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਦੀ ਕੀਤੀ ਅਤੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚੱਲਦਾ ਕਰਨ ਦਾ ਸੱਦਾ ਦਿੱਤਾ । ਬੁਲਾਰਿਆਂ ਨੇ ਮੰਗ ਕੀਤੀ ਕਿ ਮੁਲਾਜ਼ਮ ਅਤੇ ਪੈਨਸ਼ਨਰਾਂ ਦਾ ਬਣਦਾ 18 ਪ੍ਰਤੀਸ਼ਤ ਮਹਿੰਗਾਈ ਭੱਤਾ ਬਕਾਏ ਸਮੇਤ ਤੁਰੰਤ ਅਦਾ ਕੀਤਾ ਜਾਵੇ। ਪੈਨਸ਼ਨਰਾਂ ਦੇ 2.59 ਗੁਣਾਂਕ ਨਾਲ ਪੈਨਸ਼ਨ ਸ਼ੋਧ ਕੀਤੀ ਜਾਵੇ ਬੱਝਵਾਂ ਮੈਡੀਕਲ ਭੱਤਾ 2000/ ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇ। ਮੀਟਿੰਗ ਦੌਰਾਨ ਡਾਕਟਰ ਪਿਆਰੇ ਲਾਲ ਸਰਗ ਦੇ ਮੁਲਾਜ਼ਮਾਂ ਅਤੇ ਪੈਨਸ਼ਨਰ ਵਿਚਾਰਾਂ ਦੀ ਨਿਖੇਦੀ ਕੀਤੀ ਗਈ ਅਤੇ ਉਹਨਾਂ ਨੂੰ ਤੁਰੰਤ ਆਪਣਾ ਵਤੀਰਾ ਬਦਲਣ ਦੀ ਚੇਤਾਵਨੀ ਦਿੱਤੀ ਗਈ।

# ਗੁਰ ਸ਼ਬਦ ਦੇ ਅਭਿਆਸੀ ਜੀਊੜੇ - ਭਾਈ ਸਾਹਿਬ ਭਾਈ ਰਣਧੀਰ ਸਿੰਘ

**ਅੱਜ 7 ਜੁਲਾਈ ਜਨਮ ਦਿਹਾੜੇ ’ਤੇ ਵਿਸ਼ੇਸ਼**



**ਰੱਬੀ ਰੰਗ** ਵਿੱਚ ਰੰਗੀ ਪਵਿੱਤਰ ਆਤਮਾ, ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਗੁਰ-ਸ਼ਬਦ ਦੇ ਅਭਿਆਸੀ ਜੀਊੜੇ ਸਨ । ਅਖੰਡ ਕੀਰਤਨ ਉਨ੍ਹਾਂ ਦੇ ਜੀਵਨ ਦੀ ਆਤਮਿਕ ਖ਼ੁਰਾਕ ਸੀ । ਅਖੰਡ ਕੀਰਤਨ ਉਨ੍ਹਾਂ ਦੇ ਜੀਵਨ ਦਾ ਅਟੁੱਟ ਅੰਗ ਬਣ ਚੁੱਕਾ ਸੀ । ਰੱਬੀ ਪ੍ਰੇਮ ਵਿੱਚ ਜਦੋਂ ਉਨ੍ਹਾਂ ਦੀ ਆਤਮਾ ਬੋਲਦੀ ਸੀ, ਉਦੋਂ ਅਨੇਕਾਂ ਰੱਬੀ ਰੰਗ ਵਿੱਚ ਰੰਗੀਆਂ ਆਤਮਾਵਾਂ ਅੰਦਰੋਂ ਵੀ ਗੁਰ-ਸ਼ਬਦ ਦੀ ਹੂਕ ਸੁਣਾਈ ਦਿੰਦੀ ਸੀ । ਸਮੁੱਚਾ ਸਿੱਖ ਜਗਤ ਉਨ੍ਹਾਂ ਨੂੰ ਇਸ ਕਰਕੇ ਸਤਿਕਾਰ ਦਿੰਦਾ ਸੀ ਕਿ ਉਹ ਇਕੋ ਸਮੇਂ ਕੌਮੀ ਦਰਦ ਨਾਲ ਓਤ-ਪੋਤ ਦੇਸ਼ ਭਗਤ, ਸੰਤ ਕਵੀ, ਗੁਰਬਾਣੀ ਦੇ ਵਿਆਖਿਆਕਾਰ ਹੋਣ ਦੇ ਨਾਲ-ਨਾਲ ਸਮੇਂ ਦੀ ਬਰਤਾਨਵੀ ਹਕੂਮਤ ਨੂੰ ਵੰਗਾਰਨ ਵਾਲੇ ਗ਼ਦਰੀ ਬਾਬਿਆਂ ਦੇ ਸਾਥੀ, ਗੁਰਦੁਆਰਾ ਸੁਧਾਰ ਲਹਿਰ ਦੇ ਮੋਢੀ ਗੁਰਸਿੱਖ ਸਨ ।

ਭਾਈ ਸਾਹਿਬ ਦਾ ਜਨਮ 7 ਜੁਲਾਈ 1878 ਈ: ਨੂੰ ਪਿੰਡ ਨਾਰੰਗਵਾਲ ਜ਼ਿਲ੍ਹਾ ਲੁਧਿਆਣਾ ਵਿਖੇ ਪਿਤਾ ਸ। ਨੱਥਾ ਸਿੰਘ ਅਤੇ ਮਾਤਾ ਪੰਜਾਬ ਕੌਰ ਦੇ ਗ੍ਰਹਿ ਵਿਖੇ ਹੋਇਆ । ਆਪ ਜੀ ਨੇ ਮੁੱਢਲੀ ਸਿੱਖਿਆ ਨਾਭੇ ਤੋਂ ਹਾਸਲ ਕੀਤੀ । ਉਚੇਰੀ ਸਿੱਖਿਆ ਨਾਭੇ ਤੋਂ ਹਾਸਲ ਕੀਤੀ । ਉਚੇਰੀ ਸਿੱਖਿਆ ਵਾਸਤੇ ਸਰਕਾਰੀ ਕਾਲਜ ਲਾਹੌਰ ਵਿਖੇ ਦਾਖਲਾ ਲਿਆ । ਕਾਲਜ ਵਿੱਚ ਪੜ੍ਹਦਿਆਂ ਭਰ ਜਵਾਨੀ ਦੇ ਦਿਨਾਂ ਵਿੱਚ ਰੱਬੀ ਰੰਗ ਵਿੱਚ ਰੰਗੇ ਗਏ । ਅਜਿਹਾ ਮਜੀਠਾ ਰੰਗ ਚੜ੍ਹਿਆ, ਜਿਸ ਨਾਲ ਉਨ੍ਹਾਂ ਦੀ ਆਤਮਾ ਰੰਗੀ ਗਈ । 22 ਸਾਲ ਦੀ ਉਮਰ ਵਿੱਚ ਗ੍ਰੈਜੂਏਸ਼ਨ ਕਰਕੇ ਜਦੋਂ ਅਜੇ ਜੀਵਨ ਸਫ਼ਰ ਦੀ ਆਰੰਭਤਾ ਕਰਨੀ ਸੀ । ਉਸ ਸਮੇਂ ਪੰਜਾਬ ਵਿੱਚ ਪਲੇਗ ਦੀ ਭਿਆਨਕ ਮਹਾਂਮਾਰੀ ਫੈਲ ਗਈ । 1902 ਈ: ਵਿੱਚ ਪਲੇਗ ਦੀ ਮਹਾਂਮਾਰੀ ਨੂੰ ਕਾਬੂ ਕਰਨ ਲਈ ਅੰਗ੍ਰੇਜ਼ੀ ਹਕੂਮਤ ਨੇ ਇੰਗਲੈਂਡ ਤੋਂ ਆਏ ਡਾ: ਫਿਸ਼ਰ ਨਾਲ ਭਾਈ ਸਾਹਿਬ ਨਾਇਬ-ਤਹਿਸੀਲਦਾਰ ਨਿਯੁਕਤ ਹੋਏ । ਜਦੋਂ ਪਲੇਗ ਵਰਗੀ ਬਿਮਾਰੀ ਦਾ ਹਮਲਾ ਖਤਮ ਹੋਇਆ ਤਾਂ ਸਰਕਾਰ ਨੇ ਇਸ ਮਹਿਕਮੇ ਨੂੰ ਖਤਮ ਕਰਕੇ ਭਾਈ ਸਾਹਿਬ ਨੂੰ ਕਿਸੇ ਹੋਰ ਮਹਿਕਮੇ ਵਿੱਚ ਤਬਦੀਲ ਕਰਨ ਦੀ ਵਿਚਾਰ ਕੀਤੀ । ਪਰ ਭਾਈ ਸਾਹਿਬ ਨੇ ਇਸ ਗੱਲ ਤੋਂ ਇਨਕਾਰ ਕਰਦਿਆਂ ਪੂਰਨ ਰੂਪ ਵਿੱਚ ਗੁਰਮਤਿ ਸਿਧਾਂਤਾਂ ਦਾ ਪ੍ਰਚਾਰ ਤੇ ਪ੍ਰਸਾਰ ਕਰਨ ਦਾ ਮਨ ਬਣਾ ਲਿਆ । ਉਨ੍ਹਾਂ ਵੇਖਿਆ ਪੰਜਾਬ ਦੇ ਲੋਕਾਂ ਨੂੰ ਗੁਰੂ ਸਾਹਿਬਾਨ ਦੀ ਫਿਲਾਸਫੀ ਤੇ ਗੁਰ-ਸ਼ਬਦ ਨਾਲ ਜੋੜਨ ਤੋਂ ਬਿਨਾਂ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਤਬਦੀਲੀ ਨਹੀਂ ਆ ਸਕਦੀ ।

ਇਸ ਤੋਂ ਛੇਤੀ ਪਿੱਛੋਂ ਖੰਡੇ-ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਸਰਬਲੋਹ ਦੇ ਧਾਰਨੀ ਬਣ ਕੇ ਬਿਬੇਕੀ ਜੀਵਨ ਆਰੰਭ ਕਰ ਦਿੱਤਾ । ਇਸ ਤੋਂ ਪਿੱਛੋਂ ਕੁਝ ਸਮਾਂ ਜੀਵਨ ਨਿਰਬਾਹ ਲਈ ਐਬਟਾਬਾਦ (ਪਾਕਿਸਤਾਨ) ਵਿੱਚ ਹੈੱਡ ਕਲਰਕ ਅਤੇ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਸੁਪਰਡੈਂਟ ਵਜੋਂ ਵੀ ਸੇਵਾ ਨਿਭਾਈ । ਪਰ ਸਿੱਖ ਧਰਮ ਦੇ ਪ੍ਰਚਾਰ ਲਈ ਹਿਰਦੇ ਵਿੱਚ ਅਥਾਹ ਪ੍ਰੇਮ ਸੀ, ਉਹ ਨਹੀਂ ਸੀ ਚਾਹੁੰਦੇ ਕਿ ਸਿੱਖ ਸਰਦਾਰ ਬਰਤਾਨਵੀ ਹਕੂਮਤ ਦੇ ਹੱਥਾਂ ਵਿੱਚ ਖੇਡਣ, ਹੁਣ ਉਨ੍ਹਾਂ ਧਰਮ ਦੇ ਪ੍ਰਚਾਰ ਲਈ ਕਮਰਕੱਸਾ ਕਰ ਲਿਆ ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲ ਮਹੱਲੇ ਦੇ ਪਾਵਨ ਅਵਸਰ ‘ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ ਦੇ ਨੇੜੇ ਹੋਣ ਵਾਲੇ ਨਾਚ-ਗਾਣੇ ਤੇ ਮੁਜਰੇ ਉਨ੍ਹਾਂ ਬੰਦ ਕਰਵਾ ਦਿੱਤੇ । ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਨੂੰ ਮਹੰਤਾਂ ਦੇ ਪ੍ਰਬੰਧ ਤੋਂ ਮੁਕਤੀ ਦਿਵਾਈ । 1914 ਈ: ਵਿੱਚ ਅੰਗ੍ਰੇਜ਼ ਹਕੂਮਤ ਵੱਲੋਂ ਵਾਇਸਰਾਏ ਭਵਨ ਦੇ ਵਿਸਥਾਰ ਲਈ ਸਿੱਖ ਸੰਗਤ ਤੋਂ ਪੁੱਛੇ ਬਿਨਾਂ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦਿੱਲੀ ਦੀ ਕੰਧ ਨੂੰ ਢਾਹੇ ਜਾਣ ਅਤੇ ਕਾਮਾਗਾਟਾਮਾਰੂ ਜਹਾਜ਼ ਦੇ ਨਿਹੱਥੇ ਮੁਸਾਫਰਾਂ ਵਿਰੁੱਧ ਗੋਲੀ ਚਲਾ ਕੇ ਸ਼ਹੀਦ ਕਰਨ ਦੀ ਘਟਨਾ ਤੋਂ ਪਿੱਛੋਂ ਭਾਈ ਸਾਹਿਬ ਨੇ ਹਕੂਮਤ ਨਾਲ ਸਿੱਧੀ ਟੱਕਰ ਲੈਣ ਲਈ ਤਿਆਰੀ ਆਰੰਭ ਦਿੱਤੀ । ਦੇਸ਼ ਭਗਤਾਂ ਨਾਲ ਮਿਲ ਕੇ ਫਿਰੋਜ਼ਪੁਰ ਛਾਉਣੀ ‘ਤੇ ਹਮਲਾ ਕਰਨ ਅਤੇ ਲਾਹੌਰ ਸਾਜਿਸ਼ ਕੇਸ ਵਿੱਚ ਆਪ ਜੀ ਨੂੰ ਗ੍ਰਿਫ਼ਤਾਰ ਕਰਕੇ 30 ਮਾਰਚ, 1916 ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ।

ਭਾਈ ਸਾਹਿਬ ਨੇ ਜੇਲ੍ਹ ਯਾਤਰਾ ਦੇ ਦੌਰਾਨ 42 ਦੇ ਲਗਪਗ ਕਿਤਾਬਾਂ ਗੁਰਮਤਿ ਸਾਹਿਤ ਦੇ ਪਾਠਕਾਂ ਦੀ ਝੋਲੀ ਪਾਈਆਂ । ਇਨ੍ਹਾਂ ਪੁਸਤਕਾਂ ਵਿੱਚ ਜੇਲ੍ਹ ਚਿੱਠੀਆਂ, ਜੋਤਿ ਵਿਗਾਸ (ਕਾਵਿ-ਸੰਗ੍ਰਹਿ), ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪੂਜਾ ਬੁੱਤ ਪ੍ਰਸਤੀ ਹੈ, ਗੁਰਮਤਿ ਵਿਚਾਰਾਂ, ਸਚਖੰਡ ਦਰਸ਼ਨ, ਸਿੱਖ ਕੌਣ, ਅੰਮ੍ਰਿਤ ਵੇਲਾ, ਸਿੰਘਾਂ ਦਾ ਪੰਥ ਨਿਰਾਲਾ, ਦਰਸ਼ਨ ਝਲਕਾਂ, ਕਾਵਿ ਉਡਾਰੀਆਂ ਅਤੇ ਕਥਾ ਕੀਰਤਨ ਆਦਿ ਸ਼ਾਮਿਲ ਹਨ ।

ਭਾਈ ਸਾਹਿਬ ਭਾਈ ਰਣਧੀਰ ਸਿੰਘ ਪੰਥ ਦੀ ਅਜਿਹੀ ਰੰਗ-ਰੱਤੜੀ ਆਤਮਾ ਸਨ, ਜੋ ਸੱਚਖੰਡ ਪਿਆਨੇ ਤੱਕ ਲਗਾਤਾਰ ਸਿੱਖ ਹਿੱਤਾਂ ਲਈ ਕਾਰਜਸ਼ੀਲ ਰਹੇ । ਉਨ੍ਹਾਂ ਨੇ ਆਪਣੀ ਜੀਵਨ ਯਾਤਰਾ ਦੌਰਾਨ ਲੱਖਾਂ ਸਿੱਖ ਸੰਗਤਾਂ ਦੀ ਜੀਵਨ-ਸ਼ੈਲੀ ਨੂੰ ਬਦਲਣ ਲਈ ਵੱਡਾ ਯੋਗਦਾਨ ਪਾਇਆ । 83 ਸਾਲ ਦੀ ਉਮਰ ਭੋਗ ਕੇ ਆਪ 16 ਅਪ੍ਰੈਲ, 1961 ਈ: ਨੂੰ ਆਪ ਅਕਾਲ ਪੁਰਖ ਵਾਹਿਗੁਰੂ ਦੇ ਵਿੱਚ ਅਭੇਦ ਹੋ ਗਏ ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



## ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਨੇ ਰਾਈਆ, ਕਲਾਲਵਾਲਾ ਅਤੇ ਲਹਿਰੀ ਵਿਖੇ

# ਲੋਕ ਮਿਲਣੀ ਕਰਕੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ






**ਤਲਵੰਡੀ ਸਾਬੋ, 6 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਹਲਕਾ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਵੱਲੋਂ ਅੱਜ ਹਲਕੇ ਦੇ ਪਿੰਡ ਰਾਈਆ, ਕਲਾਲਵਾਲਾ ਅਤੇ ਲਹਿਰੀ ਵਿਖੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਅਤੇ ਮੰਗਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦਾ ਜਲਦ ਹੱਲ ਕਰਨ ਲਈ ਹਦਾਇਤਾਂ ਦਿੱਤੀਆਂ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸਰਕਾਰ ਹੈ ਅਤੇ ਮੁੱਖ ਮੰਤਰੀ ਦੀ ਅਗਵਾਈ ਹੇਠ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਸਿੱਖਿਆ, ਸਿਹਤ, ਬਿਜਲੀ, ਸੜਕਾਂ, ਕਿਸਾਨਾਂ ਦੀ ਭਲਾਈ ਅਤੇ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਇਤਿਹਾਸਕ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਗਿਆ ਹੈ ਅਤੇ ਵਿਕਾਸ ਕਾਰਜ ਬਿਨਾਂ ਕਿਸੇ ਭੇਦਭਾਵ ਦੇ ਹਰ ਪਿੰਡ ਅਤੇ ਹਰ ਖੇਤਰ ਵਿੱਚ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਮਕਸਦ ਵੀ ਲੋਕਾਂ ਦੀਆਂ ਮੁਸ਼ਕਲਾਂ ਨੂੰ ਮੌਕੇ ’ਤੇ ਸੁਣ ਕੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਕਰਵਾਉਣਾ ਹੈ। ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕੇ ਦੇ ਵਿਕਾਸ ਲਈ ਸਰਕਾਰ ਦਾ ਸਹਿਯੋਗ ਕਰਨ ਅਤੇ ਕਿਸੇ ਵੀ ਸਮੱਸਿਆ ਸਬੰਧੀ ਬਿਨਾਂ ਝਿਜਕ ਉਨ੍ਹਾਂ ਨਾਲ ਸੰਪਰਕ ਕਰਨ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਜਾਵੇਗਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਆਮ ਆਦਮੀ ਪਾਰਟੀ ਦੇ ਆਗੂ ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ, ਜਸਵਿੰਦਰ ਕੌਰ ਚੌਧਰੀ, ਬਲਾਕ ਪ੍ਰਧਾਨ ਮਹਿਲਾ ਰਣਜੀਤ ਕੌਰ ਨਥੇਹਾ, ਪੰਚਾਇਤ ਨੁਮਾਇੰਦੇ ਸਰਪੰਚ ਸੇਵਾ ਸਿੰਘ ਸਿੱਧੂ ਰਾਈਆ, ਸਰਪੰਚ ਦੇਵ ਰਾਜ ਕਲਾਲਵਾਲਾ, ਸਰਪੰਚ ਹਰਮੰਦਰ ਸਿੰਘ ਬਰਾੜ ਲਹਿਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਦਿੱਲੀ ਗੁਰਦੁਆਰਾ ਕਮੇਟੀ ਦੇ ‘ਚੰਪਤ ਰਾਏ’ ਕੌਣ ?

**ਗੁਰੂ ਦੀ ਗੋਲਕ ਮਾਮਲੇ ਦੀ ਹੋਵੇ ਐਸਆਈਟੀ ਜਾਂਚ : ਪਰਮਜੀਤ ਸਿੰਘ ਸਰਨਾ**



**ਨਵੀਂ ਦਿੱਲੀ, 6 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**- ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਡੀਐਸਜੀਐਮਸੀ) ਵਿੱਚ ਗੁਰੂ ਦੀ ਗੋਲਕ ਨਾਲ ਜੁੜੇ ਕਥਿਤ ਘਪਲੇ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਬਣਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇ ਅਯੋਧਿਆ ਰਾਮ ਮੰਦਰ ਟਰੱਸਟ ਨਾਲ ਜੁੜੇ ਕਥਿਤ ਵਿੱਤੀ ਗੜਬੜੀ ਦੇ ਮਾਮਲੇ ਦੀ ਐਸਆਈਟੀ ਜਾਂਚ ਹੋ ਸਕਦੀ ਹੈ ਤਾਂ ਡੀਐਸਜੀਐਮਸੀ ਦੇ ਮਾਮਲੇ ਦੀ ਵੀ ਉਸੇ ਮਾਪਦੰਡ ਅਧੀਨ ਜਾਂਚ ਹੋਣੀ ਚਾਹੀਦੀ ਹੈ। ਓਨ੍ਹਾ ਨੇ ਕਿਹਾ, ਜੇ ਅਯੋਧਿਆ ਮਾਮਲੇ ਦੀ ਐਸਆਈਟੀ ਜਾਂਚ ਹੋ ਸਕਦੀ ਹੈ ਤਾਂ ਡੀਐਸਜੀਐਮਸੀ ਦੀ ਕਿਉਂ ਨਹੀਂ. ? ਡੀਐਸਜੀਐਮਸੀ ਦੇ ‘ਚੰਪਤ ਰਾਏ’ ਕੌਣ ਹਨ. ? ਸਾਨੂੰ ਤਾਂ ਕੋਈ ਹੈਰਾਨੀ ਨਹੀਂ ਹੋਵੇਗੀ ਜੇ ਅਯੋਧਿਆ ਵਾਲਾ ਚੰਪਤ ਰਾਏ ਵੀ ਦਿੱਲੀ ਵਿੱਚ ਗੁਰੂ ਦੀ ਗੋਲਕ ਲੁੱਟਣ ਵਾਲਿਆਂ ਕੋਲੋਂ ਹੀ ਸਿਖਲਾਈ ਲੈ ਕੇ ਗਿਆ ਹੋਵੇ। ਉਨ੍ਹਾਂ ਨੇ ਡੀਐਸਜੀਐਮਸੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਕਮੇਟੀ ਦੇ “ਡੀ-ਫੈਕਟੋ ਮੁਖੀ” ਮੰਨੇ ਜਾਂਦੇ ਮਨਜਿੰਦਰ ਸਿੰਘ ਸਿਰਸਾ ’ਤੇ ਸਿੱਧਾ ਨਿਸ਼ਾਨਾ ਸਾਧਦਿਆਂ ਦੋਸ਼ ਲਗਾਇਆ ਕਿ ਉਹ ਸੰਗਤ ਦੀਆਂ ਭੇਟਾਵਾਂ ਦੇ ਪ੍ਰਬੰਧ ਅਤੇ ਹਿਸਾਬ-ਕਿਤਾਬ ਬਾਰੇ ਉੱਠ ਰਹੇ ਗੰਭੀਰ ਸਵਾਲਾਂ ਦਾ ਜਵਾਬ ਦੇਣ ਵਿੱਚ ਨਾਕਾਮ ਰਹੇ ਹਨ। ਸ. ਸਰਨਾ ਨੇ ਕਿਹਾ, ਗੁਰੂ ਦੀ ਗੋਲਕ ਸੰਗਤ ਦੀ ਅਮਾਨਤ ਹੈ, ਨਾ ਕਿ ਕਾਲਕਾ ਜਾਂ ਸਿਰਸਾ ਦੀ ਜਾਇਦਾਦ। ਇਸ ਨਾਲ ਸੰਬੰਧਿਤ ਹਰ ਦੋਸ਼ ਦੀ ਨਿਰਪੱਖ ਅਤੇ ਸੁਤੰਤਰ ਐਸਆਈਟੀ ਰਾਹੀਂ ਜਾਂਚ ਹੋਣੀ ਚਾਹੀਦੀ ਹੈ। ਜੇ ਉਨ੍ਹਾਂ ਕੋਲ ਲੁਕਾਉਣ ਲਈ ਕੁਝ ਨਹੀਂ, ਤਾਂ ਉਨ੍ਹਾਂ ਨੂੰ ਜਾਂਚ ਦਾ ਖੁੱਲ੍ਹੇ ਦਿਲ ਨਾਲ ਸਵਾਗਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਦੀ ਗੋਲਕ ਨਾਲ ਸੰਬੰਧਿਤ ਰਿਕਾਰਡ, ਨਕਦੀ ਦੇ ਲੈਣ-ਦੇਣ ਅਤੇ ਲੇਖਾ ਪ੍ਰਣਾਲੀ ਦੀ ਪੂਰੀ ਅਤੇ ਨਿਰਪੱਖ ਜਾਂਚ ਹੀ ਡੀਐਸਜੀਐਮਸੀ ਦੀ ਕਾਰਗੁਜ਼ਾਰੀ ਪ੍ਰਤੀ ਸਿੱਖ ਸੰਗਤ ਦਾ ਭਰੋਸਾ ਮੁੜ ਬਹਾਲ ਕਰ ਸਕਦੀ ਹੈ।

# ਕਾਂਗਰਸ ਅਤੇ ਅਕਾਲੀ ਦਲ ਕੋਲ ਪੰਜਾਬ ਦੇ ਵਿਕਾਸ ਲਈ ਕੋਈ ਰੋਡ ਮੈਪ ਨਹੀਂ : ਹਰਭਜਨ ਸਿੰਘ ਈ.ਟੀ.ਓ.

## ਕਾਂਗਰਸ ਵਿੱਚ ਮੁੱਖ ਮੰਤਰੀ ਦੀ ਕੁਰਸੀ ਲਈ ਆਪੋ-ਧਾਪ, ਲੋਕਾਂ ਦਾ ਭਰੋਸਾ ਮੁੜ ਆਮ ਆਦਮੀ ਪਾਰਟੀ ’ਤੇ : ਈ.ਟੀ.ਓ.



ਜੰਡਿਆਲਾ ਗੁਰੂ 6 ਜੁਲਾਈ (ਕੁਲਵੰਤ ਸਿੰਘ ਵਿਰਦੀ ) - ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਹੈ ਕਿ ਕਾਂਗਰਸ ਪਾਰਟੀ ਦੇ ਆਗੂ ਇਸ ਸਮੇਂ ਪੰਜਾਬ ਦੇ ਵਿਕਾਸ ਦੀ ਬਜਾਏ ਆਪਣੀ ਨਿੱਜੀ ਸਿਆਸੀ ਲੜਾਈ ਲੜ ਰਹੇ ਹਨ ਅਤੇ ਉਨ੍ਹਾਂ ਕੋਲ ਸੂਬੇ ਦੇ ਵਿਕਾਸ ਲਈ ਕੋਈ ਠੋਸ ਰੋਡ ਮੈਪ ਨਹੀਂ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਅੰਦਰ ਮੁੱਖ ਮੰਤਰੀ ਦੀ ਕੁਰਸੀ ਨੂੰ ਲੈ ਕੇ ਆਪੋ-ਧਾਪ ਮਚੀ ਹੋਈ ਹੈ ਅਤੇ ਲੋਕਾਂ ਦੀ ਇੱਛਾ ਦੇ ਉਲਟ ਹਰ ਆਗੂ ਮੁੱਖ ਮੰਤਰੀ ਬਣਨ ਦੀ ਦੌੜ ਵਿੱਚ ਲੱਗਾ ਹੋਇਆ ਹੈ ।ਇਹ ਪ੍ਰਗਟਾਵਾ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰਾਏਪੁਰ ਖ਼ੁਰਦ, ਸਰਜਾ, ਬੇਰੀਆਣਾ ਅਤੇ ਕੋਟ ਹਯਾਤ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਕਰਵਾਏ ਗਏ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ। ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਦਾ ਮੁੱਖ ਮੰਤਰੀ ਕੌਣ ਬਣੇਗਾ, ਇਸ ਦਾ ਫ਼ੈਸਲਾ ਸੂਬੇ ਦੇ ਸੁਹਿਰਦ ਵੋਟਰਾਂ ਨੇ ਕਰਨਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੀਆਂ ਨੀਤੀਆਂ ਨੂੰ ਦੇਖਦਿਆਂ ਪੰਜਾਬ ਦੇ ਲੋਕ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਨੂੰ ਸੇਵਾ ਦਾ ਮੌਕਾ ਦੇਣ ਦਾ ਮਨ ਬਣਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਹਾਸਲ ਕਰੇਗੀ ਸ਼੍ਰੋਮਣੀ ਅਕਾਲੀ ਦਲ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਬਾਦਲ ਪਰਿਵਾਰ ਨੇ ਹਮੇਸ਼ਾ ਪੰਥ ਦਾ ਸਹਾਰਾ ਲੈ ਕੇ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਰਾਜ ਦੌਰਾਨ ਵਾਪਰੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਪੰਜਾਬ ਦੇ ਲੋਕ ਅੱਜ ਵੀ ਨਹੀਂ ਭੁੱਲੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹੁਣ ਸਿਰਫ਼ ਇੱਕ ਪਰਿਵਾਰ ਦੀ ਪਾਰਟੀ ਬਣ ਕੇ ਰਹਿ ਗਿਆ ਹੈ ਅਤੇ ਸੂਬੇ ਦੇ ਲੋਕ ਇਸ ਤੋਂ ਕਿਨਾਰਾ ਕਰ ਗਏ ਹਨ। ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਪੰਜਾਬ ਵਿੱਚ ਲੰਬੇ ਸਮੇਂ ਤੱਕ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਰਹੀਆਂ, ਪਰ ਇਨ੍ਹਾਂ ਰਿਵਾਇਤੀ ਪਾਰਟੀਆਂ ਦੇ ਆਗੂਆਂ ਨੇ ਸੂਬੇ ਦੇ ਸਰਬਪੱਖੀ ਵਿਕਾਸ ਦੀ ਬਜਾਏ ਆਪਣੇ ਅਤੇ ਆਪਣੇ ਰਿਸ਼ਤੇਦਾਰਾਂ ਦੇ ਹਿੱਤਾਂ ਨੂੰ ਤਰਜੀਹ ਦਿੱਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਪੰਜਾਬ ਨੂੰ ਵਿਕਾਸ, ਪਾਰਦਰਸ਼ੀ ਪ੍ਰਸ਼ਾਸਨ ਅਤੇ ਲੋਕ-ਪੱਖੀ ਨੀਤੀਆਂ ਦੇ ਰਾਹ ’ਤੇ ਅੱਗੇ ਲੈ ਕੇ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ, ਇਮਾਨਦਾਰ ਸ਼ਾਸਨ ਅਤੇ ਪੰਜਾਬ ਦੀ ਤਰੱਕੀ ਨੂੰ ਧਿਆਨ ਵਿੱਚ ਰੱਖਦਿਆਂ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਦਾ ਸਾਥ ਦੇਣ ।ਇਸੇ ਦੌਰਾਨ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਵੱਖ-ਵੱਖ ਪਿੰਡਾਂ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ। ਉਨ੍ਹਾਂ ਮੌਕੇ ’ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੇ ਜਾਇਜ਼ ਮਸਲਿਆਂ ਦਾ ਪਹਿਲ ਦੇ ਆਧਾਰ ’ਤੇ ਨਿਪਟਾਰਾ ਕਰਨ ਅਤੇ ਸਮਾਂਬੱਧ ਢੰਗ ਨਾਲ ਕਾਰਵਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਵਾਉਣ ਦੀ ਬਜਾਏ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਕਰਨਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਲੋਕਾਂ ਦੀ ਹਰ ਜਾਇਜ਼ ਮੰਗ ਨੂੰ ਪੂਰਾ ਕਰਨ ਲਈ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

### ਸੰਤ ਬਾਬਾ ਤੇਜਾ ਸਿੰਘ ਜੀ ਦੀ 61ਵੀਂ ਸਲਾਨਾ ਬਰਸੀ ਮੌਕੇ

# ਗੁਰਦੁਆਰਾ ਬੰਗਲਾ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਸ਼ਰਧਾ ਨਾਲ ਸੰਪੰਨ







ਨਵੀਂ ਦਿੱਲੀ 6 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਆਧੁਨਿਕ ਵਿੱਦਿਆ, ਰੁਜਗਾਰ, ਸਮਾਜ-ਸੇਵੀ ਤੇ ਧਾਰਮਿਕ ਕਾਰਜਾਂ 'ਚ ਅਹਿਮ ਭੂਮਿਕਾ ਨਿਭਾਅ ਰਹੀ ਸੰਸਥਾ ਕਲਗ.ੀਧਰ ਟਰੱਸਟ, ਬੜੂ ਸਾਹਿਬ ਵੱਲੋਂ ਵੀਹਵੀਂ ਸਦੀ ਦੇ ਮਹਾਨ ਤਪੱਸਵੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਵਾਲਿਆਂ ਦੇ ਅਨਿਨ ਸੇਵਕ ਅਤੇ ਤਪ-ਸਥਾਨ ਗੁਰਦੁਆਰਾ ਬੜੂ ਸਹਿਬ ਦੇ ਸੰਸਥਾਪਕ ਸੰਤ ਬਾਬਾ ਤੇਜਾ ਸਿੰਘ ਜੀ (ਐੱਮ.ਏ., ਐੱਲ.ਐੱਲ.ਬੀ. (ਪੰਜਾਬ), ਏ.ਐੱਮ. ਹਾਰਵਰਡ) ਦੀ 61ਵੀਂ ਸਲਾਨਾ ਬਰਸੀ ਦੇ ਸੰਬੰਧ ਵਿੱਚ ਸੰਤ ਸਮਾਗਮ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ 5 ਜੁਲਾਈ 2026 ਨੂੰ ਬੜੇ ਪ੍ਰੇਮ-ਉਤਸ਼ਾਹ ਅਤੇ ਸ਼ਰਧਾ-ਪੂਰਵਕ ਮਨਾਇਆ ਗਿਆ। ਇਸ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਅਤੇ ਕਥਾ-ਵਾਚਕਾਂ ਨੇ ਸੰਗਤਾਂ ਨੂੰ ਨਿਹਾਲ ਕੀਤਾ। 5 ਜੁਲਾਈ ਨੂੰ ਅੰਮ੍ਰਿਤ ਵੇਲੇ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਉਪਰੰਤ ਨਿਤਨੇਮ ਦੀਆਂ ਪੰਜ ਬਾਣੀਆਂ ਅਰਦਾਸ ਅਤੇ ਹੁਕਮਨਾਮਾ ਸਾਹਿਬ ਲਿਆ ਗਿਆ। ਅਨਾਹਦ ਬਾਣੀ ਜਥਾ ਗੁਰਦੁਆਰਾ ਬੜੂ ਸਾਹਿਬ ਵੱਲੋਂ ਤੰਤੀ ਸਾਜਾਂ ਨਾਲ ਆਸਾ ਦੀ ਵਾਰ ਕੀਤੀ ਗਈ। ਇਸ ਦੇ ਬਾਅਦ ਆਨੰਦ ਸਾਹਿਬ ਦਾ ਪਾਠ ਉਪਰੰਤ ਹੁਕਮਨਾਮਾ ਲਿਆ ਗਿਆ। ਇਸ ਉਪਰੰਤ ਪੰਥ ਦੇ ਪ੍ਰਸਿੱਧ ਕੀਰਤਨੀ ਜਥਿਆਂ ਅਤੇ ਕਥਾ-ਵਾਚਕਾਂ ਵੱਲੋਂ ਸ਼ਬਦ ਕੀਰਤਨ ਅਤੇ ਵਿਚਾਰਾਂ ਦੀ ਸਾਂਝ ਸੰਗਤ ਨਾਲ ਪਾਈ ਗਈ। ਗਿਆਨੀ ਗਗਨਦੀਪ ਸਿੰਘ ਜੀ (ਤਖ਼ਤ ਸ੍ਰੀ ਹਰਿਮੰਦਰ ਸਾਹਿਬ, ਪਟਨਾ ਸਾਹਿਬ) ਵੱਲੋਂ ਸ਼ਬਦ ਵਿਚਾਰ, ਭਾਈ ਕਮਲਜੀਤ ਸਿੰਘ ਜੀ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਅਮ੍ਰਿਤਸਰ ਸਾਹਿਬ), ਭਾਈ ਮਨੋਹਰ ਸਿੰਘ ਜੀ, ਹਜ਼ੂਰੀ ਰਾਗੀ ਗੁਰਦੁਆਰਾ ਬੰਗਲਾ ਸਾਹਿਬ, ਭਾਈ ਅਮਨਦੀਪ ਸਿੰਘ ਜੀ (ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ, ਅਮ੍ਰਿਤਸਰ ਸਾਹਿਬ), ਸ਼ਬਦ ਕੀਰਤਨ ਭਾਈ ਹਰਜੋਤ ਸਿੰਘ ਜੀ "ਜ਼ਖਮੀ" ਜਲੰਧਰ, ਸ਼ਬਦ ਕੀਰਤਨ ਅਖੰਡ ਕੀਰਤਨੀ ਜਥਾ ਦਿੱਲੀ, ਭਾਈ ਹਰਦੀਪ ਸਿੰਘ ਜੀ (ਭਾਈ ਜੈਤਾ ਜੀ ਨਿਸ਼ਕਾਮ ਜਥਾ, ਦਿੱਲੀ), ਸ਼ਬਦ ਕੀਰਤਨ ਤੰਤੀ ਸਾਜਾਂ ਰਾਹੀਂ ਅਕਾਲ ਸੰਗੀਤ ਗੁਰਮਤਿ ਵਿਦਿਆਲਾ, ਗੁਰਦੁਆਰਾ ਜਨਮ ਅਸਥਾਨ ਸੰਤ ਅਤਰ ਸਿੰਘ ਜੀ ਮਹਾਰਾਜ ਚੀਮਾ ਸਾਹਿਬ, ਢਾਡੀ ਵਾਰਾਂ ਅਕਾਲ ਇੰਟਰਨੈਸ਼ਨਲ ਜਥਾ ਗੁਰਦੁਆਰਾ ਬੜੂ ਸਾਹਿਬ, ਭਾਈ ਕਮਲਜੀਤ ਸਿੰਘ ਹਜ਼ੂਰੀ ਰਾਗੀ (ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ) ਅਕਾਲ ਸੰਗੀਤ ਵਿਦਿਆਲਾ, ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਵੱਲੋਂ ਤੰਤੀ ਸਾਜਾਂ ਨਾਲ ਕੀਰਤਨ, ਸ਼ਾਮ 7 ਵਜੇ ਸੋ ਦਰ ਰਹਰਾਸਿ ਸਾਹਿਬ ਪਾਠ ਉਪਰੰਤ ਅਰਦਾਸ ਬਾਅਦ ਹੁਕਮਨਾਮਾ ਲਿਆ ਗਿਆ। ਆਰਤੀ ਅਤੇ ਸ਼ਬਦ ਕੀਰਤਨ - ਅਨਾਹਦ ਬਾਣੀ ਦਾ ਪਾਠ ਤੰਤੀ ਸਾਜ ਜਥਾ ਗੁਰਦੁਆਰਾ ਬੜੂ ਸਾਹਿਬ ਵੱਲੋਂ ਕੀਤਾ ਗਿਆ। ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ ਵੱਲੋਂ ਕਥਾ ਵਿਚਾਰ ਕੀਤੀ ਗਈ। ਸਮਾਗਮ ਦੇ ਅੰਤ ਸਮੇਂ ਮੁੱਖ ਸੇਵਾਦਾਰ ਗੁਰਦੁਆਰਾ ਬੜੂ ਸਾਹਿਬ ਡਾ: ਦਵਿੰਦਰ ਸਿੰਘ ਜੀ ਵੱਲੋਂ ਸੰਗਤ ਨਾਲ ਗੁਰਮਤਿ ਬਚਨਾਂ ਦੀ ਸਾਂਝ ਪਾਈ ਗਈ ਅਤੇ ਭਾਈ ਤਰਨਵੀਰ ਸਿੰਘ ਜੀ 'ਰਬੀ' ਵੱਲੋਂ ਸ਼ਬਦ ਕੀਰਤਨ ਨਾਲ ਪਹੁੰਚੀਆਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਅਰਦਾਸ ਉਪਰੰਤ ਹੁਕਮਨਾਮਾ ਸਾਹਿਬ ਲੈ ਕੇ ਸਮਾਗਮ ਦੀ ਸਮਾਪਤੀ ਕੀਤੀ ਗਈ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਕਲਗ.ੀਧਰ ਟਰੱਸਟ, ਬੜੂ ਸਾਹਿਬ ਦੇ ਪ੍ਰੈਜ਼ੀਡੈਂਟ ਡਾ: ਦਵਿੰਦਰ ਸਿੰਘ ਜੀ ਅਤੇ ਵਾਈਸ-ਪ੍ਰੈਜ਼ੀਡੈਂਟ ਜਗਜੀਤ ਸਿੰਘ ਜੀ (ਕਾਕਾ ਵੀਰ ਜੀ) ਨੇ ਇਸ ਸਮਾਗਮ ਵਿੱਚ ਗੁਰੂ ਦੀਆਂ ਸੰਗਤਾਂ ਦਾ ਹਾਜ਼ਰੀ ਭਰਨ ਲਈ ਧੰਨਵਾਦ ਕੀਤਾ ਗਿਆ।

### ਡੇਰਾ ਬਾਬਾ ਤੇਜਾ ਸਿੰਘ ਜੀ ਸੈਦਪੁਰ ਵਿਖੇ ਬਾਬਾ ਤੇਜਾ ਸਿੰਘ ਜੀ ਦਾ

# ਜਨਮ ਦਿਹਾੜਾ (ਭੰਡਾਰਾ) ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ




**ਜੰਡਿਆਲਾ ਗੁਰੂ, 6 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਡੇਰਾ ਬਾਬਾ ਤੇਜਾ ਸਿੰਘ ਜੀ ਸੈਦਪੁਰ ਵਿਖੇ 4 ਜੁਲਾਈ ਨੂੰ ਬਾਬਾ ਤੇਜਾ ਸਿੰਘ ਜੀ ਦਾ ਪਾਵਨ ਜਨਮ ਦਿਹਾੜਾ (ਭੰਡਾਰਾ) ਬੜੀ ਸ਼ਰਧਾ, ਭਗਤੀ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਪਾਵਨ ਸਮਾਗਮ ਵਿੱਚ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ। ਸਮੁੱਚਾ ਡੇਰਾ ਪ੍ਰੰਗਣ ਰੂਹਾਨੀ ਮਾਹੌਲ, ਕੀਰਤਨ ਅਤੇ ਨਾਮ-ਸਿਮਰਨ ਨਾਲ ਗੂੰਜ ਉੱਠਿਆ ਅਤੇ ਹਰ ਪਾਸੇ ਖੁਸ਼ੀ ਅਤੇ ਭਗਤੀ ਦਾ ਮਾਹੌਲ ਬਣਿਆ ਰਿਹਾ। ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਨ੍ਹਾਂ ਨੇ ਸਟੇਜ ਤੋਂ ਸੰਬੋਧਨ ਕਰਦਿਆਂ ਡੇਰਾ ਬਾਬਾ ਤੇਜਾ ਸਿੰਘ ਜੀ ਵੱਲੋਂ ਮਨੁੱਖਤਾ ਦੀ ਸੇਵਾ, ਆਧਿਆਤਮਿਕ ਜਾਗਰੂਕਤਾ ਅਤੇ ਸਮਾਜਿਕ ਸਦਭਾਵਨਾ ਲਈ ਕੀਤੇ ਜਾ ਰਹੇ ਕਾਰਜਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਮੌਜੂਦਾ ਰੂਹਾਨੀ ਮੁਖੀ ਸੰਤ ਸੁਭਾਸ਼ ਚੰਦਰ ਸਿੰਘ ਜੀ ਨਾਲ ਮੁਲਾਕਾਤ ਕਰਕੇ ਕੁਝ ਸਮਾਂ ਬਿਤਾਇਆ ਅਤੇ ਇਸ ਪਾਵਨ ਦਿਹਾੜੇ ਦੀਆਂ ਵਧਾਈਆਂ ਵੀ ਦਿੱਤੀਆਂ। ਸੰਤ ਸੁਭਾਸ਼ ਚੰਦਰ ਸਿੰਘ ਜੀ ਨੇ ਸਮੂਹ ਸੰਗਤ ਨੂੰ ਦਰਸ਼ਨ ਦੇ ਕੇ ਆਪਣਾ ਅਸ਼ੀਰਵਾਦ ਬਖ਼ਸ਼ਿਆ ਅਤੇ ਸਮੂਹ ਲੋਕਾਈ ਦੀ ਚੜ੍ਹਦੀ ਕਲਾ, ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਇਸ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਈ ਲੱਖਾਂ ਦੀ ਸੰਗਤ ਨੇ ਆਪਣੇ ਆਪ ਨੂੰ ਧੰਨ-ਭਾਗੀ ਮਹਿਸੂਸ ਕੀਤਾ। ਪੂਰਾ ਸਮਾਗਮ ਅਤਿਅੰਤ ਖੁਸ਼ੀ, ਪ੍ਰੇਮ, ਭਾਈਚਾਰੇ ਅਤੇ ਰੂਹਾਨੀ ਉਤਸ਼ਾਹ ਦੇ ਮਾਹੌਲ ਵਿੱਚ ਸੰਪੰਨ ਹੋਇਆ।

# 'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਸਰਕਾਰ ਅਤੇ ਲੋਕਾਂ ਵਿਚਕਾਰ ਵਧਿਆ ਸਿੱਧਾ ਸੰਵਾਦ: ਚੇਅਰਮੈਨ ਰਾਜਵੰਤ ਸਿੰਘ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਬਰੜਵਾਲ ਦੇ ਸਰਪੰਚ ਰਾਜੂ ਬਰੜਵਾਲ ਬਲਾਕ ਪ੍ਰਧਾਨ ਐਸਸੀ ਵਿੰਗ ਦੀ ਅਗਵਾਈ ਹੇਠ ਲੋਕ ਮਿਲਣੀ ਦਾ ਪਰੋਗ੍ਰਾਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਚੇਅਰਮੈਨ ਘੁੱਲੀ ਨੇ ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਹਰ ਯੋਗ ਸਮੱਸਿਆ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਦਾ ਉਦੇਸ਼ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਵਾਦ ਸਥਾਪਤ ਕਰਨਾ ਹੈ ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੀਆਂ ਵਿਕਾਸ ਯੋਜਨਾਵਾਂ ਵੀ ਲਾਗੂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਵੱਲੋਂ ਉਠਾਏ ਗਏ ਹਰ ਜਾਇਜ਼ ਮਸਲੇ ਦਾ ਤੁਰੰਤ ਅਤੇ ਨਿਯਮਾਂ ਅਨੁਸਾਰ ਨਿਪਟਾਰਾ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਸੁਚਾਰੂ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣਾ ਹੈ। ਇਸ ਮੌਕੇ ਨਸ਼ਿਆਂ ਵਿਰੁੱਧ ਮੁਹਿੰਮ ਦੇ ਕੋਆਰਡੀਨੇਟਰ ਹਰਪ੍ਰੀਤ ਸਿੰਘ ਗਿੱਲ, ਭੀਮ ਸਿੰਘ ਬਰੜਵਾਲ, ਸਮਾਜ ਸੇਵੀ ਮਨੀਸ਼ ਧੂਰੀ ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਚੀਨੂ ਧੀਰ, ਆਪ ਆਗੂ ਭਿੰਦਾ ਵਿਰਕ ਹਾਜਰ ਸਨ।

# ਮੁੱਖ ਮੰਤਰੀ ਵੱਲੋਂ ਲਏ ਗਏ ਫ਼ੈਸਲਿਆਂ ਦਾ ਲਾਭ ਹਰ ਵਰਗ ਤੱਕ ਪਹੁੰਚ ਰਿਹਾ ਹੈ ਚੇਅਰਮੈਨ ਕਾਂਝਲਾ ਅਤੇ ਕਰਮਜੀਤ ਸਿੰਘ ਕਾਂਝਲਾ




ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਸੰਭਾਲਣ ਤੋਂ ਬਾਅਦ ਲੋਕ ਭਲਾਈ ਨੂੰ ਆਪਣੀ ਪਹਿਲ ਬਣਾਇਆ ਹੈ। ਸਿੱਖਿਆ, ਸਿਹਤ, ਰੁਜ਼ਗਾਰ, ਬਿਜਲੀ, ਕਿਸਾਨੀ ਅਤੇ ਮਹਿਲਾ ਭਲਾਈ ਦੇ ਖੇਤਰ ਵਿੱਚ ਸਰਕਾਰ ਵੱਲੋਂ ਲਏ ਗਏ ਫ਼ੈਸਲਿਆਂ ਦਾ ਲਾਭ ਹਰ ਵਰਗ ਤੱਕ ਪਹੁੰਚ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਮਾਜ ਸੇਵੀ ਰਣਜੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ ਅਤੇ ਆਪ ਆਗੂ ਕਰਮਜੀਤ ਸਿੰਘ ਕਾਂਝਲਾ ਨੇ ਸਾਝੇ ਤੌਰ 'ਤੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸਰਕਾਰੀ ਸੇਵਾਵਾਂ ਨੂੰ ਪਾਰਦਰਸ਼ੀ ਬਣਾਇਆ ਗਿਆ ਸਰਕਾਰ ਨੇ ਲੋਕ ਭਲਾਈ ਨੂੰ ਆਪਣੀ ਪਹਿਲ ਬਣਾਇਆ। ਸਰਕਾਰ ਵੱਲੋਂ ਲਏ ਫ਼ੈਸਲਿਆਂ ਦਾ ਲਾਭ ਹਰ ਵਰਗ ਤੱਕ ਪੁੱਜਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਕਾਰਨ ਆਮ ਲੋਕਾਂ ਦਾ ਸਰਕਾਰ 'ਤੇ ਭਰੋਸਾ ਹੋਰ ਮਜ਼ਬੂਤ ਹੋਇਆ ਹੈ ਅਤੇ ਹਰ ਵਰਗ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸੇ ਕਰਕੇ ਪਾਰਟੀ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਦੇ ਚਰਚੇ ਦੇਸ਼ਾਂ ਵਿਦੇਸ਼ਾਂ'ਚ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ ਅਤੇ ਪੰਜਾਬ ਨੂੰ ਤਰੱਕੀ, ਖੁਸ਼ਹਾਲੀ ਅਤੇ ਵਿਕਾਸ ਦੇ ਨਵੇਂ ਰਾਹ 'ਤੇ ਲੈ ਕੇ ਜਾਵੇਗੀ।

# ਡੈਂਗੂ ,ਚਿਕਨਗੁਨੀਆ ,ਮਲੇਰੀਆ ਬੁਖਾਰ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ



ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾ. ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਆਉਂਦੇ ਪਿੰਡ ਪੁੰਨਾਵਾਲ ਵਿਖੇ ਟੀਮ ਮੈਬਰ ਜਸਵਿੰਦਰ ਸਿੰਘ ਮ,ਪ,ਹ,ਵ(ਮ) ਵੱਲੋਂ ਗਰਮੀ ਦੇ ਬਚਾਓ ਅਤੇ ਬਿਮਾਰੀਆਂ ਡੈਂਗੂ,ਚਿਕਨਗੁਨੀਆ,ਮਲੇਰੀਆ ਬੁਖਾਰ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਡੇਂਗੂ ਦਾ ਲਾਰਵਾ ਲੱਭਣ ਤੇ ਨਸ਼ਟ ਕਰਨ ਲਈ ਗਠਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ ਅਤੇ ਡੈਂਗੂ ਦੇ ਖ਼ਾਤਮੇ ਲਈ ਲਾਰਵੀਸਾਈਡ ਦਾ ਸਪਰੇਅ ਕਰਵਾਈ ਗਈ ਟੀਮ ਮੈਂਬਰ ਰਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਬਰੀਡ ਚੈਕਰ ਹਾਜਰ ਸਨ।

### ਆੜ੍ਹਤੀਆ ਮੇਜਰ ਸਿੰਘ ਸਰਪੰਚ ਬੁਲਾਰਾ ਦਾ

# ਭੋਗ ਅਤੇ ਸ਼ਰਧਾਂਜਲੀ ਸਮਾਗਮ ਹੋਇਆ

## ਐਨ ਆਰ ਆਈ ਅਤੇ ਇਲਾਕੇ ਦੀਆਂ ਨਾਮਵਰ, ਰਾਜਨੀਤਕ, ਧਾਰਮਿਕ ਅਤੇ ਸਮੂਹ ਰਿਸ਼ਤੇਦਾਰ ਆਤਿੰਮ ਅਰਦਾਸ ਵਿੱਚ ਸੰਗਤਾਂ ਸ਼ਾਮਲ ਹੋਈਆਂ ਸਰਧਾ ਦੇ ਫੁੱਲ ਭੇਟ ਕੀਤੇ















ਚੌਕ ਮਹਿਤਾ,6 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪਿੱਛਲੇ ਦਿਨੀ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਆੜਤੀਆਂ ਮੇਜਰ ਸਿੰਘ ਸਰਪੰਚ ਬੁਲਾਰਾ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ।ਉਨ੍ਹਾਂ ਨੇ ਨਮਿੱਤ ਆਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਅੱਜ ਸੋਮਵਾਰ ਰੰਧਾਵਾ ਫ਼ਾਰਮ ਪਿੰਡ ਬੁਲਾਰਾ ਵਿੱਖੇ ਸਵੇਰੇ 11 ਵਜੇ ਨੂੰ ਪਾਏਗੇ ਉਪਰੰਤ ਗੁਰਦੁਆਰਾ ਬਾਬਾ ਸਾਵਨ ਮੱਲ ਸਾਹਿਬ ਬੁਲਾਰਾ ਵਿੱਖੇ 12 ਤੋਂ 1 ਕੀਰਤਨ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇਗੇ। ਇਸ ਦੁੱਖਦਾਈ ਮੌਕੇ ਤੇ ਐਨ ਆਰ ਆਈ ਅਤੇ ਇਲਾਕੇ ਦੀਆਂ ਨਾਮਵਰ, ਰਾਜਨੀਤਕ, ਧਾਰਮਿਕ ਅਤੇ ਸਮੂਹ ਰਿਸ਼ਤੇਦਾਰ ਆਤਿੰਮ ਅਰਦਾਸ ਵਿੱਚ ਸੰਗਤਾਂ ਸ਼ਾਮਲ ਹੋਈਆਂ ਸਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਸੰਤ ਬਾਬਾ ਗੁਰਦੇਵ ਸਿੰਘ ਗੁਰਦੁਆਰਾ ਭਗਤਾ ਦਾ ਤਰਸਿੱਕਾ, ਸੰਤ ਬਾਬਾ ਗੁਰਭੇਜ ਸਿੰਘ ਖ਼ੁਜਾਲਾ ਮੁੱਖ ਬੁਲਾਰੇ ਸੰਤ ਸਮਾਜ, ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਸ਼੍ਰੋਮਣੀ ਅਕਾਲੀ ਦਲ ਉ ਐਸ਼ ਡੀ ਬਿਕਰਮ ਸਿੰਘ ਮਜੀਠੀਆ,ਮੇਜਰ ਸ਼ਿਵਚਰਨ ਸਿੰਘ ਬਰਾੜ,ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਸ੍ਰੀ ਸੁਨੀਲ ਪਾਸੀ ਆੜਤੀਆਂ ਐਸੋਸੀਏਸ਼ਨ ਪ੍ਰਧਾਨ ਜੰਡਿਆਲਾ ਗੁਰੂ, ਕੁਲਵਿੰਦਰ ਸਿੰਘ ਵਿੱਕੀ ਪ੍ਰਧਾਨ ਖੁਜਾਲਾ, ਹਰਜਿੰਦਰਪਾਲ ਸਿੰਘ ਪੰਨੂ ਸੂਬਾ ਪ੍ਰਧਾਨ ਐਲੀਮੈਂਟਰੀ ਟੀਚਰਜ਼ ਯੂਨੀਅਨ ਰਜਿ, ਸੁਰਜੀਤ ਸਿੰਘ ਕੰਗ ਪ੍ਰਧਾਨ ਸ਼ੈਲਰ ਅਮ੍ਰਿਤਸਰ, ਸੋਨੂੰ ਪ੍ਰਧਾਨ ਬੋਪਾਰਾਏ, ਸਰਪੰਚ ਪਰਮਜੀਤ ਸਿੰਘ ਭੱਟੀ ਕੇ, ਲਖਵਿੰਦਰ ਸਿੰਘ ਜਲਾਲ ਉਸਮਾ, ਸਰਪ ਬਲਰਾਜ ਸਿੰਘ ਸਰਾਂ,ਮਨਜੀਤ ਸਿੰਘ ਮੰਨਾ ਭੀਲੋਵਾਲ, ਐਡਵੋਕੇਟ ਬਿਕਰਮਜੀਤ ਸਿੰਘ ਬਾਠ, ਸਰਪੰਚ ਮੇਜਰ ਸਿੰਘ ਬੁਲਾਰਾ ਆਦਿ ਆਦਿ ਹਾਜ਼ਰ ਸਨ ਸਟੇਜ ਸੈਕਟਰੀ ਦੀ ਸੇਵਾ ਬਲਜੀਤ ਸਿੰਘ ਸਰਾਂ ਨੇ ਨਿਭਾਈ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਟੇਟ ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ

# ਡੀਪੂ ਹੋਲਡਰਾਂ, ਟਰੱਕ ਅਤੇ ਮਜ਼ਦੂਰ ਯੂਨੀਅਨਾਂ ਨਾਲ ਅਹਿਮ ਬੈਠਕ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਨੇ ਅੱਜ ਮੁੱਖ ਮੰਤਰੀ ਸਹਾਇਤਾ ਕੇਂਦਰ, ਧੂਰੀ ਵਿਖੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਅਧਿਕਾਰੀਆਂ, ਡੀਪੂ ਹੋਲਡਰਾਂ, ਟਰੱਕ ਯੂਨੀਅਨ ਅਤੇ ਮਜ਼ਦੂਰ ਯੂਨੀਅਨ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਬੈਠਕ ਕੀਤੀ। ਬੈਠਕ ਦਾ ਉਦੇਸ਼ ਲੋਕਾਂ ਨੂੰ ਜਨਤਕ ਵੰਡ ਪ੍ਰਣਾਲੀ ਤਹਿਤ ਸਮੇਂ ਸਿਰ ਉੱਚ ਗੁਣਵੱਤਾ ਵਾਲਾ ਅਨਾਜ ਮੁਹੱਈਆ ਕਰਵਾਉਣ ਲਈ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਬਣਾਉਣਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

> **ਲੋਕਾਂ ਨੂੰ ਦਿੱਤੇ ਜਾਂਦੇ ਅਨਾਜ ਦੀ ਗੁਣਵੱਤਾ ’ਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਜਸਵੀਰ ਸਿੰਘ ਸੇਖੋਂ**

ਇਸ ਮੌਕੇ ਜਸਵੀਰ ਸਿੰਘ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪਹਿਲ ਹੈ ਕਿ ਹਰ ਯੋਗ ਲਾਭਪਾਤਰੀ ਨੂੰ ਨਿਰਧਾਰਿਤ ਸਮੇਂ ਅੰਦਰ ਮਿਆਰੀ ਅਤੇ ਵਧੀਆ ਗੁਣਵੱਤਾ ਵਾਲਾ ਅਨਾਜ ਮਿਲੇ। ਉਨ੍ਹਾਂ ਸਪੱਸ਼ਟ ਕੀਤਾ ਕਿ ਅਨਾਜ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਜਾਂ ਅਣਗਹਿਲੀ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਇਸ ਸਬੰਧੀ ਲਾਪਰਵਾਹੀ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਡੀਪੂ ਹੋਲਡਰਾਂ, ਟਰੱਕ ਯੂਨੀਅਨ ਅਤੇ ਮਜ਼ਦੂਰ ਯੂਨੀਅਨ ਨੂੰ ਅਪੀਲ ਕੀਤੀ ਕਿ ਉਹ ਖ਼ੁਰਾਕ ਤੇ ਸਿਵਲ ਸਪਲਾਈ ਵਿਭਾਗ ਨਾਲ ਪੂਰੇ ਤਾਲਮੇਲ ਨਾਲ ਕੰਮ ਕਰਦਿਆਂ ਲੋਕਾਂ ਤੱਕ ਸਮੇਂ ਸਿਰ ਅਨਾਜ ਪਹੁੰਚਾਉਣਾ ਯਕੀਨੀ ਬਣਾਉਣ। ਉਨ੍ਹਾਂ ਮਜ਼ਦੂਰ ਯੂਨੀਅਨ ਦੇ ਨੁਮਾਇੰਦਿਆਂ ਨੂੰ ਲੇਬਰ ਸਮੇਂ ਸਿਰ ਗੋਦਾਮਾਂ ਵਿੱਚ ਪਹੁੰਚਣਾ ਯਕੀਨੀ ਬਣਾਉਣ ਲਈ ਕਿਹਾ, ਤਾਂ ਜੋ ਅਨਾਜ ਦੀ ਲੋਡਿੰਗ ਅਤੇ ਵੰਡ ਵਿੱਚ ਕਿਸੇ ਤਰ੍ਹਾਂ ਦੀ ਦੇਰੀ ਨਾ ਹੋਵੇ।

ਫੂਡ ਕਮਿਸ਼ਨ ਦੇ ਮੈਂਬਰ ਨੇ ਕਿਹਾ ਕਿ ਅਨਾਜ ਦੀ ਤੋਲ ਪ੍ਰਕਿਰਿਆ ਵਿੱਚ ਪੂਰੀ ਪਾਰਦਰਸ਼ਤਾ ਰੱਖੀ ਜਾਵੇਗੀ। ਉਨ੍ਹਾਂ ਦੱਸਿਆ ਕਿ ਡੀਪੂ ਹੋਲਡਰਾਂ ਨੂੰ ਸਿਰਫ਼ ਕੰਡੇ (ਵਜ਼ਨ) ਦੀ ਅਧਿਕਾਰਤ ਪਰਚੀ ਹੀ ਦਿੱਤੀ ਜਾਵੇਗੀ ਅਤੇ ਕਿਸੇ ਵੀ ਤਰ੍ਹਾਂ ਦੀ ਹੱਥ-ਲਿਖਤ ਪਰਚੀ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਡੀਪੂ ਹੋਲਡਰ, ਯੂਨੀਅਨ ਜਾਂ ਆਮ ਨਾਗਰਿਕ ਨੂੰ ਜਨਤਕ ਵੰਡ ਪ੍ਰਣਾਲੀ ਨਾਲ ਸਬੰਧਤ ਕੋਈ ਵੀ ਸ਼ਿਕਾਇਤ ਹੈ ਤਾਂ ਉਹ ਪੰਜਾਬ ਸਟੇਟ ਫੂਡ ਕਮਿਸ਼ਨ ਨੂੰ ਲਿਖਤੀ ਰੂਪ ਵਿੱਚ ਆਪਣੀ ਸ਼ਿਕਾਇਤ ਭੇਜ ਸਕਦਾ ਹੈ, ਜਿਸ ’ਤੇ ਨਿਰਪੱਖ ਅਤੇ ਸਮਾਂਬੱਧ ਕਾਰਵਾਈ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ, ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ, ਜ਼ਿਲ੍ਹਾ ਖ਼ੁਰਾਕ ਤੇ ਸਿਵਲ ਸਪਲਾਈ ਕੰਟਰੋਲਰ (ਡੀ.ਐੱਫ.ਐੱਸ.ਸੀ.) ਗੁਰਪ੍ਰੀਤ ਸਿੰਘ ਕੰਗ, ਖ਼ੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਹੋਰ ਅਧਿਕਾਰੀ, ਡੀਪੂ ਹੋਲਡਰ, ਟਰੱਕ ਯੂਨੀਅਨ ਅਤੇ ਮਜ਼ਦੂਰ ਯੂਨੀਅਨ ਦੇ ਨੁਮਾਇੰਦੇ ਵੀ ਹਾਜ਼ਰ ਸਨ।

### ਭਾਰਤ ’ਚ ਫਿਲਮ ‘ਸਤਲੁਜ’ ’ਤੇ ਪਾਬੰਦੀ

# ਸੱਚ ਨੂੰ ਦਬਾਉਣ ਦੀ ਕੋਸ਼ਿਸ਼ - ਸਿੱਖਸ ਫਾਰ ਜਸਟਿਸ







**ਨਿਊਯਾਰਕ/ਲੰਡਨ (ਸਰਬਜੀਤ ਸਿੰਘ ਬਨੂੜ)**- ਖਾਲਿਸਤਾਨ ਪੱਖੀ ਜਥੇਬੰਦੀ ਸਿੱਖਸ ਫ਼ਾਰ ਜਸਟਿਸ ਨੇ ਦਿਲਜੀਤ ਦੁਸਾਂਝ ਨਾਲ ਸੰਬੰਧਤ ਭਾਰਤ ‘ਚ ਸਤਲੁਜ’ ’ਤੇ ਪਾਬੰਦੀ, ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕਰਾਰ ਦਿੰਦਿਆਂ ਕਿਹਾ ਕਿ ਭਾਰਤ ਵਿੱਚ ਫ਼ਿਲਮ ‘ਚਮਕੀਲਾ ’ ਨੂੰ ਵਿਆਪਕ ਤੌਰ ’ਤੇ ਪ੍ਰਚਾਰਿਆ ਗਿਆ, ਜਿਸ ਵਿੱਚ ਸਿੱਖ ਇਤਿਹਾਸ ਨੂੰ ਗਲਤ ਢੰਗ ਨਾਲ ਪੇਸ਼ ਕੀਤਾ ਗਿਆ, ਉੱਥੇ 1990 ਦੇ ਦਹਾਕੇ ਦੌਰਾਨ ਪੰਜਾਬ ਵਿੱਚ ਕਥਿਤ 25,000 ਤੋ ਵੱਧ ਗੈਰ-ਨਿਆਇਕ ਹੱਤਿਆਵਾਂ ਅਤੇ ਮਨੁੱਖੀ ਅਧਿਕਾਰਾਂ ਦੇ ਮਾਮਲਿਆਂ ਨੂੰ ਉਜਾਗਰ ਕਰਨ ਵਾਲੀ ‘ਸਤਲੁਜ’ ਨੂੰ ਭਾਰਤ ਵਿੱਚ ਰੋਕ ਕੇ ਸੱਚ ਨੂੰ ਸਾਹਮਣੇ ਆਉਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ ਗਈ ਹੈ। ਸਿੱਖਸ ਫਾਰ ਜਸਟਿਸ ਨੇ ਦਿਲਜੀਤ ਦੁਸਾਂਝ’ਤੇ ਕਈ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਭਾਰਤ ਦਾ ਸੱਭਿਆਚਾਰਕ ਕਠਪੁਤਲੀ ਦਿਲਜੀਤ ਦੁਸਾਂਝ ਆਪਣੇ ਮਾਲਕ ਮੋਦੀ ਵੱਲੋਂ ਹੀ ਸਜ਼ਾ ਭੁਗਤ ਰਿਹਾ ਹੈ ਜਦ ਕਿ ਉਹ ਭਾਰਤੀ ਰਾਜ ਦੇ ਸੱਭਿਆਚਾਰਕ ਨੈਰੇਟਿਵ ਨੂੰ ਅੱਗੇ ਵਧਾਉਣ ਵਿੱਚ ਭੂਮਿਕਾ ਨਿਭਾ ਰਿਹਾ ਹੈ। ਜਥੇਬੰਦੀ ਦਾ ਦਾਅਵਾ ਹੈ ਕਿ ‘ਸਤਲੂਜ’ ’ਤੇ ਪਾਬੰਦੀ ਇਸ ਗੱਲ ਦਾ ਸੰਕੇਤ ਹੈ ਕਿ ਸਰਕਾਰ ਕਿਸੇ ਵੀ ਅਜਿਹੀ ਸਮੱਗਰੀ ਨੂੰ ਬਰਦਾਸ਼ਤ ਨਹੀਂ ਕਰਦੀ ਜੋ ਉਸ ਦੇ ਰਾਜ ਨੂੰ ਮੁੜ ਚੁਣੌਤੀ ਦੇਵੇ। ਉਨ੍ਹਾਂ ਕਿਹਾ ਕਿ ਦਿਲਜੀਤ ਦੁਸਾਂਝ ਨੇ ਆਪਣੇ ਜਨਤਕ ਕਦਮਾਂ ਅਤੇ ਕਾਰਜਕ੍ਰਮਾਂ ਰਾਹੀਂ 1984 ਨਾਲ ਜੁੜੇ ਸਿੱਖ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕੀਤਾ ਹੈ। ਸਿੱਖਸ ਫਾਰ ਜਸਟਿਸ ਨੇ 1 ਨਵੰਬਰ ਅਤੇ 18 ਜੂਨ ਨੂੰ ਹੋਏ ਉਨ੍ਹਾਂ ਦੇ ਸੰਗੀਤਕ ਪ੍ਰੋਗਰਾਮਾਂ ’ਤੇ ਵੀ ਇਤਰਾਜ਼ ਜਤਾਉਂਦਿਆਂ ਕਿਹਾ ਕਿ ਇਹ ਤਰੀਕਾਂ ਸਿੱਖ ਇਤਿਹਾਸ ਵਿੱਚ ਵਿਸ਼ੇਸ਼ ਮਹੱਤਵ ਰੱਖਦੀਆਂ ਹਨ ਪਰ ਦੁਸਾਂਝ ਨੇ ਇਨ੍ਹਾਂ ਘਟਨਾਵਾਂ ਨੂੰ ਨਜ਼ਰਅੰਦਾਜ਼ ਕਰ ਦਿੱਤਾ ਗਿਆ ਜਿਸ ਦਾ ਉਸ ਨੂੰ ਹਰ ਪ੍ਰੋਗਰਾਮ ਵਿੱਚ ਸਾਹਮਣਾ ਕਰਨਾ ਪਿਆ। ਸਿੱਖਸ ਫਾਰ ਜਸਟਿਸ ਨੇ ਯੂਰਪ ਅਤੇ ਯੂਨਾਈਟਿਡ ਕਿੰਗਡਮ ਵਿੱਚ ਦਿਲਜੀਤ ਦੁਸਾਂਝ ਦੇ ਪ੍ਰੋਗਰਾਮ ਰੱਦ ਕਰਨ ਦੇ ਸਵਾਲ ਹੇਠ ਮੁਹਿੰਮ ਚਲਾਉਣ ਦਾ ਐਲਾਨ ਕੀਤਾ। ਜ਼ਿਕਰਯੋਗ ਹੈ ਕਿ ਫ਼ਿਲਮ ‘ਸਤਲੁਜ’ ਵਿੱਚ ਮਨੁੱਖੀ ਅਧਿਕਾਰਾਂ ਦੇ ਕਾਰਕੁਨ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਉਨ੍ਹਾਂ ਦੀ ਜਾਂਚ ਨਾਲ ਜੁੜੇ ਮਾਮਲਿਆਂ ਨੂੰ ਕੇਂਦਰ ਵਿੱਚ ਰੱਖਦਿਆਂ ਉਸ ਸਮੇਂ ਦੇ ਪੁਲਸ ਅਧਿਕਾਰੀਆਂ, ਰਾਜਨੀਤਿਕ ਤੰਤਰ ਅਤੇ ਪ੍ਰਸ਼ਾਸਨਿਕ ਪ੍ਰਣਾਲੀ ਦੀ ਭੂਮਿਕਾ ਨੂੰ ਦਰਸਾਇਆ ਗਿਆ ਹੈ। ਫ਼ਿਲਮ ਦੇ ਨਿਰਮਾਤਾਵਾਂ ਅਤੇ ਸਮਰਥਕਾਂ ਦਾ ਕਹਿਣਾ ਹੈ ਕਿ ਇਸ ਵਿੱਚ 1990 ਦੇ ਦਹਾਕੇ ਦੌਰਾਨ ਪੰਜਾਬ ਵਿੱਚ ਕਥਿਤ ਮਨੁੱਖੀ ਅਧਿਕਾਰ ਉਲੰਘਣਾਂ ਨੂੰ ਉਜਾਗਰ ਕੀਤਾ ਗਿਆ ਹੈ। ਉਨ੍ਹਾਂ ਦਾ ਇਹ ਵੀ ਦਾਅਵਾ ਹੈ ਕਿ ਭਾਰਤ ਵਿੱਚ ਇਸ ਦੀ ਪ੍ਰਦਰਸ਼ਨੀ ਨਹੀਂ ਹੋਣ ਦਿੱਤੀ ਗਈ ਅਤੇ ਇਸ ਨੂੰ ਆਨਲਾਈਨ ਪਲੇਟਫਾਰਮਾਂ ਤੋਂ ਵੀ ਹਟਾ ਦਿੱਤਾ ਗਿਆ। ਜਦਕਿ ਫ਼ਿਲਮ ਵਿੱਚ ਇਹ ਪ੍ਰਭਾਵ ਪੇਸ਼ ਕੀਤਾ ਗਿਆ ਹੈ ਕਿ ਪੰਜਾਬ ਵਿੱਚ ਵਾਪਰੀਆਂ ਘਟਨਾਵਾਂ ਤੋਂ ਕੇਂਦਰ ਸਰਕਾਰ ਅਣਜਾਣ ਸੀ। ਹਾਲਾਂਕਿ ਫ਼ਿਲਮ ਦੇ ਆਲੋਚਕਾਂ ਦਾ ਕਹਿਣਾ ਹੈ ਕਿ ਉਸ ਸਮੇਂ ਪੰਜਾਬ ਵਿੱਚ ਜੋ ਕੁਝ ਵਾਪਰਿਆ, ਉਹ ਭਾਰਤ ਸਰਕਾਰ ਦੀ ਜਾਣਕਾਰੀ ਜਾਂ ਭੂਮਿਕਾ ਤੋਂ ਬਿਨਾਂ ਸੰਭਵ ਨਹੀਂ ਸੀ। ਉਨ੍ਹਾਂ ਦਾ ਦਾਅਵਾ ਹੈ ਕਿ ਇਸ ਪੱਖ ਨੂੰ ਫ਼ਿਲਮ ਵਿੱਚ ਵਿਆਪਕ ਰੂਪ ਵਿੱਚ ਨਹੀਂ ਦਰਸਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

> **ਦੁਸਾਂਝ ਤੇ ‘ਚਮਕੀਲਾ’ ਰਾਹੀਂ ਸਿੱਖ ਇਤਿਹਾਸ ਨੂੰ ਗਲਤ ਢੰਗ ਨਾਲ ਪੇਸ਼ ਕਰਕੇ ਭਾਰਤੀ ਰਾਜ ਦੇ ਸੱਭਿਆਚਾਰਕ ਨੈਰੇਟਿਵ ਨੂੰ ਅੱਗੇ ਵਧਾਉਣ ਦਾ ਦੋਸ਼**



# ਪੁਰਾਣੀ ਰੰਜਿਸ਼ ਨੂੰ ਲੈ ਕੇ ਹੋਏ ਝਗੜੇ ਵਿੱਚ ਫਰਾਰ 7 ਦੋਸ਼ੀਆਂ ਵਿੱਚੋਂ 6 ਨੂੰ ਤਰਸਿੱਕਾ ਪੁਲਿਸ ਨੇ ਕੀਤਾ ਗ੍ਰਿਫਤਾਰ



ਜੰਡਿਆਲਾ ਗੁਰੂ 6 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਦੇ ਪਿੰਡ ਤਰਸਿੱਕਾ ਵਿੱਚ 04/07/2026 ਨੂੰ ਹੋਏ ਝਗੜੇ ਨੂੰ ਲੈ ਕੇ ਜਗਰੂਪ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਪਤੀ ਮਲੂਕ ਸਿੰਘ ਦੇ ਬਿਆਨ ਦੇ ਆਧਾਰ ਤੇ ਕਿਹਾ ਕਿ ਮੈ ਪੇਂਟ ਕਰਨ ਦਾ ਕੰਮ ਕਰਦਾ ਹਾਂ ਤਾ ਦਿਨ ਸ਼ਨੀਵਾਰ ਤਰੀਕ 04/07/2026 ਨੂੰ ਵਕਤ ਕਰੀਬ 6.15 ਮਿੰਟ ਤੇ ਮੈ ਅਤੇ ਮੇਰਾ ਭਰਾ ਜੁਗਰਾਜ ਸਿੰਘ ਤੇ ਪੂਰਾ ਪਰਿਵਾਰ ਆਪਣੇ ਘਰ ਵਿੱਚ ਸੀ ਕਿ ਅਚਾਨਕ ਮਨਦੀਪ ਸਿੰਘ ਉਰਫ ਮਨੀ ਪੁੱਤਰ ਬਲਕਾਰ ਸਿੰਘ ਵਾਸੀ ਤਰਸਿਕਾ ਮੁਸੱਲਾ ਇੱਕ ਹੱਥ ਵਿੱਚ ਪਿਸਟਲ ਅਤੇ ਦੂਸਰੇ ਹੱਥ ਵਿੱਚ ਦਾਤਰ ਦੂਸਰਾ ਜਗਦੀਸ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਤਰਸਿੱਕਾ ਮੁਸੱਲਾ ਪਿਸਟਲ ਤੀਜਾ ਬਲਵਿੰਦਰ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਤੇ ਤਰਸਿੱਕਾ ਮੁਸੱਲਾ ਦਾਤਰ ਚੌਥਾ ਗੁਰਵਿੰਦਰ ਸਿੰਘ ਪੁੱਤਰ ਸਰਵਣ ਸਿੰਘ ਵਾਸੀ ਜੇਠੂਵਾਲ ਮੁਸੱਲਾ ਰਾਡ ਗਰਾਰੀ ਜੋਬਨ ਸਿੰਘ ਪੁੱਤਰ ਜੋਗਿੰਦਰ ਸਿੰਘ ਕੁਹਾਲਾ ਮੁਸੱਲਾ ਪਿਸਟਲ ਗੁਰ ਸਾਜਨ ਸਿੰਘ ਪੁੱਤਰ ਹਰਜੋਤ ਸਿੰਘ ਵਾਸੀ ਹਰੋਵਾਲ ਮੁਸੱਲਾ ਕਹੀ ਦਾ ਦਸਤਾ ਅਤੇ ਸਾਹਿਲ ਪ੍ਰੀਤ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਕੋਟ ਖਹਿਰਾ ਮੁਸੱਲਾ ਗੰਡਾਸੀ ਅਤੇ ਕੁਝ ਹੋਰ ਅਨਪਛਾਤੇ ਵਿਅਕਤੀਆਂ ਨੇ ਆਪਣੇ ਆਪਣੇ ਮੋਟਰਸਾਈਕਲਾਂ ਤੇ ਸਵਾਰ ਹੋ ਕੇ ਆਏ ਤੇ ਮੇਰੇ ਪਿਤਾ ਸੰਤੋਖ ਸਿੰਘ ਜੋ ਕਿ ਘਰ ਦੇ ਬਾਹਰ ਖੜੇ ਸਨ ਉਸ ਉੱਪਰ ਪਿਸਟਲ ਨਾਲ ਗੋਲੀ ਚਲਾ ਦਿੱਤੀ ਗੋਲੀ ਨਾ ਲੱਗਣ ਕਰਕੇ ਉਹ ਥੋੜਾ ਪਿੱਛੇ ਹੱਟ ਗਏ ਤਾਂ ਮਨਦੀਪ ਸਿੰਘ ਨੇ ਉਹਨਾਂ ਤੇ ਦਾਤਰਾਂ ਨਾਲ ਹਮਲਾ ਕਰ ਦਿੱਤਾ ਉਸ ਤੋਂ ਬਾਅਦ ਉਹ ਗੇਟ ਤੋੜ ਕੇ ਅੰਦਰ ਆਏ ਅਤੇ ਲਲਕਾਰਾ ਮਾਰਦੇ ਹੋਏ ਕਿਹਾ ਗਾਜੀ ਬਾਹਰ ਨਿਕਲ ਤੈਨੂੰ ਵੇਖਣਾ ਹੈ ਤਾਂ ਮੇਰਾ ਭਰਾ ਬਾਹਰ ਆਇਆ ਤਾਂ ਉਸ ਉੱਪਰ ਗੋਲੀ ਚਲਾ ਦਿੱਤੀ ਤੇ ਬਾਦ ਵਿੱਚ ਦਾਤਰ ਨਾਲ ਹਮਲਾ ਕਰ ਦਿੱਤਾ ਤੇ ਦਾਤਰ ਦੇ ਵਾਰ ਓਸਦੇ ਸਿਰ ਉਤੇ ਕੀਤੇ ਜਿਸ ਨੂੰ ਬਚਾਉਣ ਵਾਸਤੇ ਮੇਰੀ ਮਾਤਾ ਸਾਹਮਣੇ ਆਈ ਜਿਸ ਦੇ ਸਿਰ ਵਿੱਚ ਵੀ ਦਾਤਰਾਂ ਦੇ ਵਾਰ ਕੀਤੇ ਗਏ ਤੇ ਉਹ ਸਾਰੇ ਘਰ ਦਾ ਸਮਾਨ ਤੋੜਦੇ ਹੋਏ ਜਿਸ ਵਿੱਚ ਮੋਟਰਸਾਈਕਲ ਵਾਸ਼ਿੰਗ ਮਸ਼ੀਨ ਗੈਸ ਵਾਲਾ ਚੁੱਲਾ ਪਾਣੀ ਵਾਲੀ ਟੈਂਕੀ ਰੈਬਰ ਪੱਖੇ ਤੇ ਸਮਰਸੀਬਲ ਮੋਟਰ ਵੀ ਤੋੜ ਦਿੱਤੀ ਤੇ ਜਾਂਦੇ ਹੋਏ ਸਾਡੇ ਦੋ ਮੋਬਾਇਲ ਚੁੱਕ ਕੇ ਲੈ ਗਏ ਤੇ ਮਹੱਲੇ ਵਾਲਿਆ ਨੂੰ ਇਕੱਠੇ ਹੁੰਦੇ ਦੇਖਕੇ ਉਹ ਡਰਦੇ ਮਾਰੇ ਫਾਇਰ ਕਰਦੇ ਹੋਏ ਭੱਜ ਗਏ ਮੈਂ ਆਪਣੇ ਤਾਏ ਦੇ ਲੜਕੇ ਅੰਮ੍ਰਿਤਪਾਲ ਨੂੰ ਨਾਲ ਲੈਕੇ ਆਪਣੇ ਜਖਮੀ ਪਿਤਾ ਤੇ ਮਾਤਾ,ਭਰਾ ਨੂੰ ਲੈ ਕੇ ਤਰਸਿੱਕਾ ਹੋਸਪਿਟਲ ਵਿੱਚ ਪਹੁੰਚੇ ਜਿੱਥੇ ਡਾਕਟਰ ਨੇ ਸਟਾ ਜਿਆਦਾ ਹੋਣ ਕਰਕੇ ਸਾਨੂੰ ਗੁਰੂ ਨਾਨਕ ਹੋਸਪਿਟਲ ਭੇਜ ਦਿੱਤਾ ਜਿੱਥੇ ਹੁਣ ਸਾਰੇ ਪਰਿਵਾਰ ਦਾ ਇਲਾਜ ਚੱਲ ਰਿਹਾ ਹੈ ਪੁਲਿਸ ਨੂੰ ਬਿਆਨ ਦਰਜ ਕਰਵਾ ਦਿੱਤੇ ਗਏ ਹਨ ਜਿਸ ਤੇ ਕਾਰਵਾਈ ਕਰਦੇ ਹੋਏ ਤਰਸਿੱਕਾ ਪੁਲਿਸ ਨੇ 6 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ

ਆਵਾਜ਼ਿ ਕੌਮ AWAZE QAUM International Newspaper & WEB TV

# ’ਲੋਕ ਮਿਲਣੀ’ ਪ੍ਰੋਗਰਾਮ ਦੌਰਾਨ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਘਨੌਰੀ ਕਲਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਘਨੌਰੀ ਕਲਾਂ ਦੇ ਸਰਪੰਚ ਅੰਮ੍ਰਿਤ ਚਹਿਲ ਮੈਂਬਰ ਜਿਲ੍ਹਾ ਪ੍ਰੀਸ਼ਦ ਦੀ ਅਗਵਾਈ ਹੇਠ ’ਲੋਕ ਮਿਲਣੀ’ ਪ੍ਰੋਗਰਾਮ ਕਰਵਾਇਆ ਗਿਆ। ਜਿਸ ਦੇ ਤਹਿਤ ਮੁੱਖ ਮੰਤਰੀ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਵਿਸ਼ੇਸ ਤੌਰ ’ਤੇ ਸਾਮਿਲ ਹੋਏ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸਰਕਾਰੀ ਸੇਵਾਵਾਂ ਅਤੇ ਸਮੱਸਿਆਵਾਂ ਦੇ ਤੁਰੰਤ ਹੱਲ ਦੀ ਸਹੂਲਤ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ’ਲੋਕ ਮਿਲਣੀ’ ਪ੍ਰੋਗਰਾਮਾਂ ਰਾਹੀਂ ਸਰਕਾਰ ਅਤੇ ਲੋਕਾਂ ਵਿਚਾਲੇ ਸਿੱਧਾ ਸੰਵਾਦ ਸਥਾਪਤ ਹੋਇਆ ਹੈ, ਜਿਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਹੋਰ ਪ੍ਰਭਾਵਸ਼ਾਲੀ ਅਤੇ ਤੇਜ਼ੀ ਨਾਲ ਹੋ ਰਿਹਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਕਿਸੇ ਵੀ ਸਮੱਸਿਆ ਸਬੰਧੀ ਪ੍ਰਸ਼ਾਸਨ ਨਾਲ ਬਿਨਾਂ ਝਿਜਕ ਸੰਪਰਕ ਕਰਨ। ਇਸ ਮੌਕੇ ਉੱਘੇ ਸਮਾਜ ਸੇਵੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਸੰਮਤੀ ਸ਼ੇਰਪੁਰ ਦੇ ਵਾਈਸ ਚੇਅਰਮੈਨ ਰਮਨਦੀਪ ਕੌਰ ਘਨੌਰੀ, ਯੂਥ ਵਿੰਗ ਦੇ ਪ੍ਰਧਾਨ ਯੁੱਗ ਘਨੌਰ, ਆਪ ਆਗੂ ਖਾਨ ਕਹੇਰੂ, ਪੁਸ਼ਿਪੰਦਰ ਸ਼ਰਮਾ ਧੂਰੀ, ਬਚਿੱਤਰ ਸਿੰਘ ਘਨੌਰੀ, ਕੇਵਲ ਸਿੰਘ ਪੰਚ, ਅਮਨ ਖਾਨ ਘਨੌਰੀ ਪੰਚ, ਸੰਦੀਪ ਸਿੰਘ ਪੰਚ, ਹਰਮੇਲ ਸਿੰਘ ਪੰਚ, ਗੁਰਵਿੰਦਰ ਸਿੰਘ ਪੰਚ, ਸੁਖਵੀਰ ਸਿੰਘ ਪੰਚ, ਅਜਮੇਰ ਸਿੰਘ ਘਨੌਰੀ, ਗੁਰਨਾਮ ਸਿੰਘ ਪੰਚ, ਮੱਖਣ ਸਿੰਘ ਪੰਚ, ਸੁਰਜੀਤ ਸਿੰਘ ਪੰਚ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਈ ਗਜਿੰਦਰ ਸਿੰਘ ਅਤੇ ਭਾਈ ਹਰਦੀਪ ਸਿੰਘ ਨਿੱਝਰ ਦੀ

# ਯਾਦ ਵਿੱਚ ਗੁਰਮਤਿ ਸਮਾਗਮ ਕਰਵਾਇਆ

## ਫਰੈਂਕਫਰਟ ਦੇ ਗੁਰਦੁਆਰਾ ਸਿੱਖ ਸੈਂਟਰ ਵਿਖੇ ਦਲ ਖਾਲਸਾ ਵੱਲੋਂ ਕਰਵਾਇਆ ਗਿਆ ਸਮਾਗਮ














**ਫਰੈਂਕਫਰਟ/ ਲੰਡਨ, 6 ਜੁਲਾਈ (ਸਰਬਜੀਤ ਸਿੰਘ ਬਨੂੜ)**-ਗੁਰਦੁਆਰਾ ਸਿੱਖ ਸੈਂਟਰ ਫਰੈਂਕਫਰਟ ਵਿਖੇ ਦਲ ਖਾਲਸਾ ਵੱਲੋਂ ਭਾਈ ਗਜਿੰਦਰ ਸਿੰਘ ਅਤੇ ਭਾਈ ਹਰਦੀਪ ਸਿੰਘ ਨਿੱਝਰ ਦੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਜਰਮਨੀ, ਸਵਿਟਜ਼ਰਲੈਂਡ ਅਤੇ ਬੈਲਜੀਅਮ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਸਮਾਗਮ ਦੀ ਸ਼ੁਰੂਆਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਨਾਲ ਹੋਈ। ਇਸ ਉਪਰੰਤ ਭਾਈ ਸੁਖਦੇਵ ਸਿੰਘ, ਭਾਈ ਇੰਦਰਜੀਤ ਸਿੰਘ (ਸਿਰਸਾ) ਅਤੇ ਭਾਈ ਕੁਲਦੀਪ ਸਿੰਘ ਨੇ ਗੁਰਬਾਣੀ ਕੀਰਤਨ ਕੀਤਾ। ਪੰਜਾਬ ਤੋਂ ਪੁੱਜੇ ਕਥਾਵਾਚਕ ਭਾਈ ਕੁਲਵਿੰਦਰ ਸਿੰਘ ਭੋਗਪੁਰ ਵਾਲਿਆਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਭਾਈ ਗਜਿੰਦਰ ਸਿੰਘ ਅਤੇ ਭਾਈ ਹਰਦੀਪ ਸਿੰਘ ਨਿੱਝਰ ਦੇ ਜੀਵਨ ਨਾਲ ਸਬੰਧਤ ਗੱਲਾਂ ਅਤੇ ਸਿੱਖ ਇਤਿਹਾਸ ਦੇ ਵੱਖ-ਵੱਖ ਪੱਖਾਂ ਬਾਰੇ ਚਾਨਣਾ ਪਾਇਆ। ਗੁਰਦੁਆਰਾ ਸਿੱਖ ਸੈਂਟਰ ਦੇ ਜਨਰਲ ਸਕੱਤਰ ਭਾਈ ਹੀਰਾ ਸਿੰਘ ਮਤੇਵਾਲ ਨੇ ਸ਼ਰਧਾਂਜਲੀ ਭੇਟ ਕੀਤੀ, ਜਦਕਿ ਸਮਾਗਮ ਦੀ ਸਟੇਜ ਸੇਵਾ ਭਾਈ ਨਿਰਮਲ ਸਿੰਘ ਹੰਸਪਾਲ ਨੇ ਨਿਭਾਈ। ਭਾਈ ਮੇਜਰ ਸਿੰਘ ਹੀਰਾ ਦੇ ਢਾਡੀ ਜਥੇ ਨੇ ਢਾਡੀ ਵਾਰਾਂ ਪੇਸ਼ ਕੀਤੀਆਂ। ਇਸ ਮੌਕੇ ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਗਤਾਰ ਸਿੰਘ ਮਾਹਲ, ਭਾਈ ਅਵਤਾਰ ਸਿੰਘ ਬੱਬਰ, ਭਾਈ ਨਰਿੰਦਰ ਸਿੰਘ ਘੋਤੜਾ, ਭਾਈ ਪ੍ਰਿਤਪਾਲ ਸਿੰਘ (ਸਵਿਟਜ਼ਰਲੈਂਡ), ਭਾਈ ਸੁਰਿੰਦਰ ਸਿੰਘ ਸੇਖੋਂ ਅਤੇ ਭਾਈ ਰਸ਼ਪਾਲ ਸਿੰਘ (ਬੈਲਜੀਅਮ) ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਸਮਾਗਮ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜਰਮਨੀ ਅਤੇ ਬਾਬਾ ਦੀਪ ਸਿੰਘ ਸੰਸਥਾ ਜਰਮਨੀ ਦੇ ਨੁਮਾਇੰਦਿਆਂ ਨੇ ਵੀ ਹਾਜ਼ਰੀ ਭਰੀ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਸੰਗਤ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸਾਹਿਬ ਸਿੱਖ ਰਿਲੀਜੀਅਸ ਸੁਸਾਇਟੀ ਪੈਲਾਟਾਈਨ ਸ਼ਿਕਾਗੋ (ਅਮਰੀਕਾ) ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ













ਗੁਰਦੁਆਰਾ ਸਾਹਿਬ ਸਿੱਖ ਰਿਲੀਜੀਅਸ ਸੁਸਾਇਟੀ ਪੈਲਾਟਾਈਨ ਸ਼ਿਕਾਗੋ USA ਵਿਖੇ ਅੱਜ 5 ਜੁਲਾਈ 2026 ਨੂੰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਗੁਰੂਘਰ ਦੇ ਪ੍ਰਬੰਧਕਾਂ ਪ੍ਰਧਾਨ ਭਾਈ ਤਰਲੋਚਨ ਸਿੰਘ ਮੁਲਤਾਨੀ,ਭਾਈ ਸਤਿੰਦਰ ਸਿੰਘ ਸੈਕਟਰੀ,ਭਾਈ ਲਖਵੀਰ ਸਿੰਘ ਲੱਕੀ ਸਹੋਤਾ,ਭਾਈ ਭੁਪਿੰਦਰ ਸਿੰਘ ਭੰਗੂ ਅਤੇ ਸਿੱਖ ਸੰਗਤਾਂ ਨੇ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਕੀਲ ਖ਼ਿਲਾਫ਼ ਦਰਜ ਮਾਮਲੇ ਦੇ ਵਿਰੋਧ 'ਚ

# ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਦਾ ਥਾਣੇ ਅੱਗੇ ਰੋਸ ਧਰਨਾ



**ਤਲਵੰਡੀ ਸਾਬੋ, 6 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਐਡਵੋਕੇਟ ਯਾਦਵਿੰਦਰ ਸਿੰਘ ਅਤੇ ਉਨ੍ਹਾਂ ਦੀ ਪਤਨੀ ਖੁਸ਼ਿਵੰਦਰ ਕੌਰ ਵਾਸੀ ਪਿੰਡ ਭਾਗੀਵਾਂਦਰ ਨਾਲ ਜੁੜੇ ਮਾਮਲੇ ਵਿੱਚ ਇਨਸਾਫ ਦੀ ਮੰਗ ਨੂੰ ਲੈ ਕੇ ਅੱਜ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਵੱਲੋਂ ਥਾਣਾ ਤਲਵੰਡੀ ਸਾਬੋ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਵਕੀਲਾਂ ਨੇ ਪੁਲਿਸ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ "ਪੁਲਿਸ ਪ੍ਰਸ਼ਾਸਨ ਮੁਰਦਾਬਾਦ" ਦੇ ਨਾਅਰੇ ਲਗਾਉਂਦੇ ਹੋਏ ਦੋਸ਼ ਲਾਇਆ ਕਿ ਵਾਰ-ਵਾਰ ਬੇਨਤੀ ਕਰਨ ਦੇ ਬਾਵਜੂਦ ਵੀ ਉਨ੍ਹਾਂ ਨੂੰ ਇਨਸਾਫ ਨਹੀਂ ਮਿਲਿਆ। ਧਰਨੇ ਨੂੰ ਸੰਬੋਧਨ ਕਰਦਿਆਂ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਦੇ ਪ੍ਰਧਾਨ ਐਡਵੋਕੇਟ ਸਤਿੰਦਰ ਸਿੱਧੂ ਨੇ ਕਿਹਾ ਕਿ ਪਿਛਲੇ ਚਾਰ-ਪੰਜ ਦਿਨਾਂ ਤੋਂ ਉਹ ਅਤੇ ਬਾਰ ਐਸੋਸੀਏਸ਼ਨ ਦੇ ਹੋਰ ਮੈਂਬਰ ਲਗਾਤਾਰ ਡੀਐਸਪੀ ਅਤੇ ਐਸਐਚਓ ਨਾਲ ਸੰਪਰਕ ਕਰਕੇ ਮਾਮਲੇ ਦਾ ਹੱਲ ਕੱਢਣ ਦੀ ਕੋਸ਼ਿਸ਼ ਕਰ ਰਹੇ ਸਨ। ਉਨ੍ਹਾਂ ਦਾ ਕਹਿਣਾ ਸੀ ਕਿ ਹਰ ਵਾਰ ਭਰੋਸਾ ਦਿੱਤਾ ਗਿਆ ਕਿ ਮਸਲਾ ਹੱਲ ਕਰ ਦਿੱਤਾ ਜਾਵੇਗਾ, ਪਰ ਅਮਲੀ ਤੌਰ 'ਤੇ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਇੱਕ ਦਿਨ ਪਹਿਲਾਂ ਵੀ ਐਸਐਚਓ ਨੂੰ ਸਪੱਸ਼ਟ ਕਰ ਦਿੱਤਾ ਗਿਆ ਸੀ ਕਿ ਜੇ ਅਗਲੇ ਦਿਨ ਸਵੇਰੇ 11 ਵਜੇ ਤੱਕ ਇਨਸਾਫ ਨਾ ਮਿਲਿਆ ਤਾਂ ਸਮੁੱਚੀ ਬਾਰ ਐਸੋਸੀਏਸ਼ਨ ਥਾਣੇ ਅੱਗੇ ਧਰਨਾ ਦੇਵੇਗੀ, ਪਰ ਇਸ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਦੋਸ਼ ਲਾਇਆ ਕਿ ਸਬੰਧਤ ਜ਼ਮੀਨੀ ਵਿਵਾਦ ਵਿੱਚ ਮਾਣਯੋਗ ਅਦਾਲਤ ਵੱਲੋਂ ਸਟੇਅ ਆਰਡਰ ਜਾਰੀ ਹੋਣ ਦੇ ਬਾਵਜੂਦ ਕਥਿਤ ਤੌਰ 'ਤੇ ਵਿਰੋਧੀ ਧਿਰ ਨੂੰ ਜ਼ਮੀਨ 'ਤੇ ਕਬਜ਼ਾ ਕਰਨ ਤੋਂ ਨਹੀਂ ਰੋਕਿਆ ਗਿਆ। ਉਨ੍ਹਾਂ ਕਿਹਾ ਕਿ ਐਡਵੋਕੇਟ ਯਾਦਵਿੰਦਰ ਸਿੰਘ ਦੀ ਪਤਨੀ ਖੁਸ਼ਿਵੰਦਰ ਕੌਰ ਅਤੇ ਹੋਰ ਪਰਿਵਾਰਕ ਮੈਂਬਰ ਜਦੋਂ ਆਪਣੀ ਜ਼ਮੀਨ 'ਤੇ ਪਾਣੀ ਲਗਾਉਣ ਗਏ ਤਾਂ ਉਨ੍ਹਾਂ ਨਾਲ ਕਥਿਤ ਕੁੱਟਮਾਰ ਕੀਤੀ ਗਈ, ਜਿਸ ਦੌਰਾਨ ਖੁਸ਼ਿਵੰਦਰ ਕੌਰ ਨੂੰ ਸੱਟਾਂ ਲੱਗੀਆਂ ਅਤੇ ਉਨ੍ਹਾਂ ਦੇ ਕੱਪੜੇ ਵੀ ਪਾੜੇ ਗਏ। ਉਨ੍ਹਾਂ ਦਾ ਦੋਸ਼ ਸੀ ਕਿ ਉਨ੍ਹਾਂ ਦੇ ਪੱਖ ਵੱਲੋਂ ਦਿੱਤੀ ਸ਼ਿਕਾਇਤ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ, ਸਗੋਂ ਉਲਟ ਉਨ੍ਹਾਂ ਖ਼ਿਲਾਫ਼ ਹੀ ਪਰਚਾ ਦਰਜ ਕਰ ਦਿੱਤਾ ਗਿਆ ਅਤੇ ਘਰਾਂ 'ਤੇ ਪੁਲਿਸ ਰੇਡਾਂ ਸ਼ੁਰੂ ਕਰ ਦਿੱਤੀਆਂ ਗਈਆਂ। ਐਡਵੋਕੇਟ ਸਤਿੰਦਰ ਸਿੱਧੂ ਨੇ ਇਹ ਵੀ ਦੋਸ਼ ਲਾਇਆ ਕਿ ਜੇ ਕਿਸੇ ਪੁਲਿਸ ਅਧਿਕਾਰੀ ਨੇ ਕਿਸੇ ਦੇ ਪ੍ਰਭਾਵ ਜਾਂ ਕਥਿਤ ਪੈਸਿਆਂ ਦੇ ਲੈਣ-ਦੇਣ ਕਾਰਨ ਕਾਰਵਾਈ ਕੀਤੀ ਹੈ ਤਾਂ ਇਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਭ੍ਰਿਸ਼ਟਾਚਾਰ ਖ਼ਤਮ ਕਰਨ ਦੇ ਦਾਅਵੇ ਕਰਦੀ ਹੈ, ਪਰ ਇਸ ਮਾਮਲੇ ਵਿੱਚ ਉਨ੍ਹਾਂ ਨੂੰ ਇਨਸਾਫ ਨਹੀਂ ਮਿਲ ਰਿਹਾ। ਉਨ੍ਹਾਂ ਕਿਹਾ ਕਿ ਵਕੀਲਾਂ ਨੂੰ ਧਰਨਾ ਦੇਣ ਲਈ ਮਜਬੂਰ ਹੋਣਾ ਆਪਣੇ ਆਪ ਵਿੱਚ ਗੰਭੀਰ ਗੱਲ ਹੈ ਅਤੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਹਲਕੇ ਦੇ ਵਿਧਾਇਕ ਨੂੰ ਵੀ ਇਸ ਗੱਲ 'ਤੇ ਵਿਚਾਰ ਕਰਨਾ ਚਾਹੀਦਾ ਹੈ ਕਿ ਆਖ਼ਰ ਵਕੀਲ ਭਾਈਚਾਰੇ ਨੂੰ ਇਨਸਾਫ ਲਈ ਸੜਕਾਂ 'ਤੇ ਕਿਉਂ ਉਤਰਨਾ ਪਿਆ। ਉਨ੍ਹਾਂ ਕਿਹਾ ਕਿ ਬਾਰ ਐਸੋਸੀਏਸ਼ਨ ਨੇ ਕਦੇ ਵੀ ਧਰਨੇ ਜਾਂ ਟਕਰਾਅ ਦਾ ਰਾਹ ਨਹੀਂ ਚੁਣਿਆ, ਪਰ ਜਦੋਂ ਵਾਰ-ਵਾਰ ਪ੍ਰਸ਼ਾਸਨ ਕੋਲ ਜਾਣ ਦੇ ਬਾਵਜੂਦ ਵੀ ਇਨਸਾਫ ਨਾ ਮਿਲੇ ਤਾਂ ਸੰਘਰਸ਼ ਹੀ ਆਖ਼ਰੀ ਚਾਰਾ ਰਹਿ ਜਾਂਦਾ ਹੈ। ਉਨ੍ਹਾਂ ਮੰਗ ਕੀਤੀ ਕਿ ਐਡਵੋਕੇਟ ਯਾਦਵਿੰਦਰ ਸਿੰਘ ਦੇ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ, ਉਨ੍ਹਾਂ ਖ਼ਿਲਾਫ਼ ਦਰਜ ਕੇਸ ਰੱਦ ਕੀਤਾ ਜਾਵੇ, ਖੁਸ਼ਿਵੰਦਰ ਕੌਰ 'ਤੇ ਹੋਏ ਕਥਿਤ ਹਮਲੇ ਦੀ ਨਿਰਪੱਖ ਜਾਂਚ ਕਰਕੇ ਦੂਜੇ ਪੱਖ ਖ਼ਿਲਾਫ਼ ਬਣਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਜਾਵੇ ਅਤੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ। ਐਡਵੋਕੇਟ ਸਤਿੰਦਰ ਸਿੱਧੂ ਨੇ ਚਿਤਾਵਨੀ ਦਿੱਤੀ ਕਿ ਜੇ ਬੁੱਧਵਾਰ ਸ਼ਾਮ ਤੱਕ ਮਾਮਲੇ ਦਾ ਸੰਤੋਸ਼ਜਨਕ ਹੱਲ ਨਾ ਹੋਇਆ ਤਾਂ ਬਾਰ ਐਸੋਸੀਏਸ਼ਨ ਮੁੜ ਥਾਣਾ ਤਲਵੰਡੀ ਸਾਬੋ ਅੱਗੇ ਧਰਨਾ ਦੇਵੇਗੀ। ਇਸ ਤੋਂ ਬਾਅਦ ਤਲਵੰਡੀ ਸਾਬੋ ਦੀਆਂ ਅਦਾਲਤਾਂ ਦਾ ਕੰਮਕਾਜ ਮੁਕੰਮਲ ਤੌਰ 'ਤੇ ਬੰਦ ਕੀਤਾ ਜਾਵੇਗਾ। ਜੇ ਫਿਰ ਵੀ ਇਨਸਾਫ ਨਾ ਮਿਲਿਆ ਤਾਂ ਪਹਿਲਾਂ ਜ਼ਿਲ੍ਹਾ ਪੱਧਰ 'ਤੇ ਹੜਤਾਲ ਅਤੇ ਉਸ ਤੋਂ ਬਾਅਦ ਪੰਜਾਬ ਭਰ ਦੀਆਂ ਬਾਰ ਐਸੋਸੀਏਸ਼ਨਾਂ ਨੂੰ ਨਾਲ ਲੈ ਕੇ ਪੰਜਾਬ ਪੱਧਰ ਦਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਦੂਜੇ ਪਾਸੇ, ਥਾਣਾ ਤਲਵੰਡੀ ਸਾਬੋ ਦੇ ਮੁੱਖ ਅਫ਼ਸਰ ਅਮਰੀਕ ਸਿੰਘ ਨੇ ਦੱਸਿਆ ਕਿ ਮੁਕੱਦਮਾ ਨੰਬਰ 157, ਮਿਤੀ 2 ਜੁਲਾਈ 2026, ਸੰਦੀਪ ਸਿੰਘ ਵੱਡਾ ਪੁੱਤਰ ਗੁਰਮੀਤ ਸਿੰਘ ਵਾਸੀ ਭਾਗੀਵਾਂਦਰ ਦੇ ਬਿਆਨਾਂ ਦੇ ਆਧਾਰ 'ਤੇ ਪਰਚਾ ਦਰਜ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਹ ਦੋਵਾਂ ਧਿਰਾਂ ਵਿਚਾਲੇ ਹੋਏ ਝਗੜੇ ਦਾ ਮਾਮਲਾ ਹੈ। ਖੁਸ਼ਿਵੰਦਰ ਕੌਰ ਵੱਲੋਂ ਦਿੱਤੀ ਰਿਪੋਰਟ ਨੂੰ ਤਸਦੀਕ ਲਈ ਰੱਖਿਆ ਗਿਆ ਹੈ ਅਤੇ ਪੁਲਿਸ ਟੀਮ ਵੱਲੋਂ ਪਿੰਡ ਵਿੱਚ ਪਹੁੰਚ ਕੇ ਇਸ ਦੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ ਅਤੇ ਕਾਨੂੰਨ ਅਨੁਸਾਰ ਜੋ ਵੀ ਕਾਰਵਾਈ ਬਣਦੀ ਹੋਵੇਗੀ, ਉਹ ਦੋਵਾਂ ਧਿਰਾਂ ਸਬੰਧੀ ਅਮਲ ਵਿੱਚ ਲਿਆਂਦੀ ਜਾਵੇਗੀ। ਐਸਐਚਓ ਵੱਲੋਂ ਜਾਂਚ ਕਰਕੇ ਮਾਮਲੇ ਨੂੰ ਕਾਨੂੰਨ ਅਨੁਸਾਰ ਨਿਪਟਾਉਣ ਦਾ ਭਰੋਸਾ ਦਿੱਤੇ ਜਾਣ ਤੋਂ ਬਾਅਦ ਫਿਲਹਾਲ ਬਾਰ ਐਸੋਸੀਏਸ਼ਨ ਨੇ ਆਪਣਾ ਧਰਨਾ ਮੁਲਤਵੀ ਕਰ ਦਿੱਤਾ। ਹਾਲਾਂਕਿ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਸਤਿੰਦਰ ਸਿੱਧੂ ਨੇ ਸਪੱਸ਼ਟ ਕੀਤਾ ਕਿ ਜੇ ਬੁੱਧਵਾਰ ਸ਼ਾਮ ਤੱਕ ਮਾਮਲੇ ਦਾ ਹੱਲ ਨਾ ਹੋਇਆ ਤਾਂ ਵੀਰਵਾਰ ਨੂੰ ਮੁੜ ਥਾਣਾ ਤਲਵੰਡੀ ਸਾਬੋ ਅੱਗੇ ਧਰਨਾ ਲਗਾਇਆ ਜਾਵੇਗਾ ਅਤੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਧਰਨੇ ਦੌਰਾਨ ਹਰਦੇਵ ਸਿੰਘ ਭਾਗੀਵਾਂਦਰ, ਅਵਤਾਰ ਸਿੰਘ ਸਿੱਧੂ, ਅਮਰਿੰਦਰ ਸਿੰਘ ਹਨੀ, ਹਰਦੇਵ ਸਿੰਘ ਧਿੰਗੜ, ਜਗਦੀਪ ਸਿੰਘ ਪੂਨੀਆ, ਗੁਰਟੇਕ ਸਿੰਘ ਜਟਾਣਾ, ਗੁਰਪ੍ਰਤਾਪ ਸਿੰਘ ਭਾਕਰ, ਕੁਲਵਿੰਦਰ ਸਿੰਘ ਫੌਜੀ ਤੋਂ ਇਲਾਵਾ ਸਮੁੱਚਾ ਵਕੀਲ ਭਾਈਚਾਰਾ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

**ਇਨਸਾਫ ਨਾ ਮਿਲਣ 'ਤੇ ਜ਼ਿਲ੍ਹਾ ਤੇ ਪੰਜਾਬ ਪੱਧਰ ਦੇ ਸੰਘਰਸ਼ ਦੀ ਚਿਤਾਵਨੀ**

# ਰੋਕੀਆਂ ਹੋਈਆਂ ਤਨਖਾਹਾਂ ਜਾਰੀ ਕਰਾਉਣ ਦੀ ਮੰਗ ਨੂੰ ਲੈ ਕੇ ਨਰੇਗਾ ਮੁਲਾਜ਼ਮਾਂ ਵੱਲੋਂ ਕਲਮ ਛੋੜ ਹੜਤਾਲ





ਸਰਾਏ ਅਮਾਨਤ ਖਾਂ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪਿਛਲੇ ਲਗਭਗ 34 ਦਿਨਾਂ ਤੋਂ ਆਪਣੀਆਂ ਸੇਵਾਵਾਂ ਪੰਚਾਇਤ ਵਿਭਾਗ ਦੇ ਵਿੱਚ ਮਰਜ ਕਰਕੇ ਪੱਕਿਆ ਕਰਨ ਅਤੇ ਪਿਛਲੇ ਛੇ ਸੱਤ ਮਹੀਨਿਆਂ ਤੋਂ ਰੋਕੀਆਂ ਹੋਈਆਂ ਤਨਖਾਹਾਂ ਜਾਰੀ ਕਰਾਉਣ ਦੀ ਮੰਗ ਨੂੰ ਲੈ ਕੇ ਪੂਰੇ ਪੰਜਾਬ ਦੇ ਅੰਦਰ ਨਰੇਗਾ ਮੁਲਾਜ਼ਮ ਕਲਮ ਛੋੜ ਹੜਤਾਲ ਤੇ ਚੱਲ ਰਹੇ ਹਨ। ਇਸੇ ਘੜੀ ਤਹਿਤ ਬਲਾਕ ਗੰਡੀਵਿੰਡ ਜ਼ਿਲ੍ਹਾ ਤਰਨ ਤਰਨ ਦੇ ਮੇਟਾ ਅਤੇ ਲੇਬਰ ਵੱਲੋਂ ਨਰੇਗਾ ਮੁਲਾਜਮਾ ਦੇ ਹੱਕ ਦੇ ਵਿਚ ਧਰਨੇ ਵਿਚ ਸਾ.ਮਲ ਹੋਏ। ਮੇਟਾ ਅਤੇ ਲੇਬਰ ਵੱਲੋ ਮੁਲਾਜਮਾ ਨੂੰ ਵਿਸ਼ਵਾਸ਼ ਦਿਵਾਇਆ ਕਿ ਉਹ ਪੂਰਨ ਤੌਰ ਤੇ ਮੁਲਾਜਮਾ ਦੇ ਨਾਲ ਹਨ ਅਤੇ ਜਿਥੇ ਜਾਣਾ ਜਾ ਧਰਨਾ ਲਗਾਓਣ ਦੀ ਲੋੜ ਪਈ ਉਹ ਜਾਣ ਲਈ ਤਿਆਰ ਹਨ। ਇਸ ਸਮੇ ਦਿਹਾਤੀ ਮਜਦੂਰ ਸਭਾ ਵੱਲੋਂ ਜਰਨੈਲ ਸਿੰਘ ਨੇ ਵੀ ਧਰਨੇ ਨੂੰ ਸਭਬੋਧਨ ਕੀਤਾ ਅਤੇ ਮੁਲਾਜਮਾ ਦੀਆ ਮੰਗਾ ਦੀ ਹਰ ਲੜਾਈ ਲੜਨ ਦੀ ਗੱਲ ਕਹੀ ਧਰਨੇ ਨੂੰ ਸੰਬੋਧਨ ਕਰਦਿਆਂ ਜਿਲ੍ਹਾ ਪ੍ਰਧਾਨ ਨਰੇਗਾ ਕਰਮਚਾਰੀ ਯੂਨੀਅਨ ਤਰਨ ਤਾਰਨ ਮਨਪ੍ਰੀਤ ਸਿੰਘ ਚੀਮਾ ਵੱਲੋ ਕਿਹਾ ਗਿਆ ਕਿ ਲਗਪਗ 17,18 ਸਾਲਾਂ ਤੋ ਪੰਚਾਇਤ ਵਿਭਾਗ ਵਿੱਚ ਕੱਚੀ ਨੌਕਰੀ ਕਰ ਰਹੇ ਹਨ ਪਰ ਸਮੇ ਸਮੇ ਦੀਆ ਸਰਕਾਰਾਂ ਵੱਲੋ ਮੁਲਾਜਮਾ ਦਾ ਹਰ ਪਰਕਾਰ ਨਾਲ ਸਿਰਫ ਸੋ.ਸ਼ਣ ਹੀ ਕੀਤਾ ਗਿਆ ਹੈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਆਪ ਦੀ ਸਰਕਾਰ ਵੱਲੋ ਵੀ ਸਰਕਾਰ ਬਣਨ ਤੋ ਪਹਿਲਾ ਨਰੇਗਾ ਮੁਲਾਜਮਾ ਨਾਲ ਮੀਟਿੰਗਾਂ ਕਰ ਕਿ ਕਿਹਾ ਗਿਆ ਸੀ ਕਿ ਆਪ ਦੀ ਸਰਕਾਰ ਬਣਨ ਤੇ ਪਹਿਲੀ ਕੈਬਿਨੇਟ ਮੀਟਿੰਗ ਵਿਚ ਹੀ ਨਰੇਗਾ ਕਰਮਚਾਰੀਆਂ ਨੂੰ ਪੱਕਿਆ ਕੀਤਾ ਜਾਉਗਾ।

# ਭਾਈ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਦੇ ਸੰਬੰਧ ਵਿੱਚ ਸਮੂਹ ਸੰਗਤਾਂ ਨੂੰ ਦਿੱਤਾ ਸੱਦਾ: ਰਜਿੰਦਰ ਸਿੰਘ ਮਰਵਾਹਾ



**ਚੌਕ ਮਹਿਤਾ, 6 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼ਹੀਦ ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਦੇ ਸੰਬੰਧ ਵਿੱਚ ਸੰਤ ਬਾਬਾ ਅਮਨਦੀਪ ਸਿੰਘ ਜੀ ਮੁਖੀ ਟਕਸਾਲ ਸ਼ਹੀਦ ਭਾਈ ਮਨੀ ਸਿੰਘ ਜੀ ਡੇਰਾ ਸੰਤ ਅਮੀਰ ਸਿੰਘ ਜੀ ਦੀ ਦੇਖਰੇਖ ਹੇਠ 9 ਜੁਲਾਈ ਦਿਨ ਵੀਰਵਾਰ ਸਵੇਰੇ 10 ਵਜੇ ਤੋਂ ਸ਼ਾਮ 4ਵਜੇ ਤੱਕ ਸ਼੍ਰੋਮਣੀ ਸੰਪਰਦਾਇ ਟਕਸਾਲ ਸ਼ਹੀਦ ਭਾਈ ਮਨੀ ਸਿੰਘ ਜੀ ਡੇਰਾ ਸੰਤ ਅਮੀਰ ਸਿੰਘ ਜੀ, ਸਤੋ ਵਾਲੀ ਗਲੀ, ਕਟਰਾ ਕਰਮ ਸਿੰਘ ਸ੍ਰੀ ਅੰਮ੍ਰਿਤਸਰ ਵਿਖੇ ਮਹਾਨ ਗੁਰਮਤ ਸਮਾਗ.ਮ ਹੋਣਗੇ। ਇਸ ਮਹਾਨ ਸੰਮੇਲਨ ਵਿੱਚ 7 ਜੁਲਾਈ ਦਿਨ ਮੰਗਲਵਾਰ ਸ੍ਰੀ ਅਖੰਡ ਪਾਠ ਸਾਹਿਬ ਪੁਰਾਤਨ ਗ੍ਰੰਥ ਸਾਹਿਬ ਤੋਂ ਆਰੰਭ ਕੀਤੇ ਜਾਣਗੇ ।ਜਿਸ ਦਾ ਸਮਾਂ ਸਵੇਰੇ 9 ਵਜੇ ਹੋਵੇਗਾ ।9 ਜੁਲਾਈ ਦਿਨ ਵੀਰਵਾਰ ਨੂੰ ਸਵੇਰੇ 4 ਵਜੇ ਤੋਂ 5ਵਜੇ ਤੱਕ ਨਿਤਨੇਮ ਅਤੇ ਆਸਾ ਦੀ ਵਾਰ ਸਵੇਰੇ 5 ਵਜੇ ਤੋਂ 7 ਵਜੇ ਤੱਕ ਹੋਵੇਗੀ ।ਭਾਈ ਮੰਗਲ ਸਿੰਘ ਜੀ ਹਜੂਰੀ ਰਾਗੀ ਟਕਸਾਲ ਸ਼ਹੀਦ ਭਾਈ ਮਨੀ ਸਿੰਘ ਜੀ ਸਵੇਰੇ 7 ਵਜੇ ਤੋਂ 7.30 ਵਜੇ ਤੱਕ ਵਾਹਿਗੁਰੂ ਸਿਮਰਨ ਜਾਪ ਕਰਨਗੇ। ਭਾਈ ਮਨਮੀਤ ਸਿੰਘ ਜੀ 7.30 ਤੋਂ 8 ਵਜੇ ਲੜੀਵਾਰ ਕਥਾ ਉਚਾਰਨ ਕਰਨਗੇ। ਇਸ ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ (ਪੁਰਾਤਨ ਸਰੂਪ ਹੱਥ ਲਿਖਤ ਸ੍ਰੀ ਗੁਰੂ ਗ੍ਰੰਥ ਸਾਹਿਬ ਤੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ।ਸੰਗਤ 7 ਤੋਂ 9 ਜੁਲਾਈ ਤੱਕ ਖੁੱਲੇ ਦਰਸ਼ਨ ਦੀਦਾਰੇ ਕਰ ਸਕਣਗੇ)। ਸਮਾਗਮ ਦੌਰਾਨ ਸਿੰਘ ਸਾਹਿਬ ਟਕਸਾਲਾਂ ਦੇ ਸੰਪਰਦਾਵਾਂ ਦੇ ਮੁਖੀ ਸਾਹਿਬਾਨ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ ਸਾਹਿਬਾਨ ਨਿਰਮਲ ਸੇਵਾ ਪੰਥੀ ਉਦਾਸੀ ਨਾਨਕਸਰ ਸੰਪਰਦਾਏ ਰਾੜਾ ਸਾਹਿਬ ਸੰਪਰਦਾਏ ਕਾਰ ਸੇਵਾ ਵਾਲੇ ਮਹਾਂਪੁਰਸ਼ ਅਤੇ ਗੁਣੀ ਗਿਆਨੀ ਰਾਗੀ ਸਿੰਘ ਇਸ ਸਮਾਗਮ ਵਿੱਚ ਉਚੇਚੇ ਤੌਰ ਤੇ ਪਹੁੰਚ ਕੇ ਆਪਣੀ ਹਾਜ਼ਰੀ ਭਰਨਗੇ। ਸਮਾਗਮ ਵਿੱਚ ਪਹੁੰਚ ਰਹੇ ਪ੍ਰਸਿੱਧ ਕੀਰਤਨੀਏ ਜਥੇ ਅਤੇ ਕਥਾਵਾਚਕ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਮੁੱਖ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਭਾਈ ਜਬਰਤੋੜ ਸਿੰਘ ਜੀ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਸੁਖਜਿੰਦਰ ਸਿੰਘ ਜੀ ਸਾਬਕਾ ਹਜ਼ੂਰੀ ਰਾਗੀ ਦਰਬਾਰ ਸਾਹਿਬ ਭਾਈ , ਭਾਈ ਕੁਲਦੀਪ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਗਗਨਦੀਪ ਸਿੰਘ ਜੀ ਗੰਗਾ ਨਗਰ ਵਾਲੇ, ਗਿਆਨੀ ਜਸਵੰਤ ਸਿੰਘ ਜੀ ਪਰਵਾਨਾ ਅਤੇ ਭਾਈ ਤਜਿੰਦਰ ਸਿੰਘ ਜੀ ਸ਼੍ਰੀ ਅੰਮ੍ਰਿਤਸਰ ਵਾਲੇ ਪਹੁੰਚ ਕੇ ਆਪਣੀ ਹਾਜ਼ਰੀ ਭਰਨਗੇ। ਇਸ ਮੌਕੇ ਵਰਲਡ ਸਿੱਖ ਚੈਂਬਰ ਆਫ ਕਾਮਰਸ ਚੇਅਰਮੈਨ ਪੰਜਾਬ ਸਰਦਾਰ ਰਜਿੰਦਰ ਸਿੰਘ ਮਰਵਾਹਾ, ਪ੍ਰਧਾਨ ਹਰਪ੍ਰੀਤ ਸਿੰਘ ਭਾਟੀਆ,ਜਤਿੰਦਰ ਪਾਲ ਸਿੰਘ ਬੋਬੀ ਬਾਦਸ਼ਾਹ ਜੀ, ਸਰਦਾਰ ਤਜਿੰਦਰ ਸਿੰਘ ਜੀ, ਸਰਦਾਰ ਬਰਜਿੰਦਰ ਸਿੰਘ ਜੀ, ਸਰਦਾਰ ਹਰਦੇਵ ਸਿੰਘ ਜੀ, ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਚੌਂਕ ਦਰਬਾਰ ਸਾਹਿਬ ਮੁੱਖ ਸੇਵਾਦਾਰ ਸਰਦਾਰ ਸ਼ਾਮ ਸਿੰਘ ਜੀ, ਭਾਈ ਤਰਜਿੰਦਰ ਸਿੰਘ ਜੀ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਸ੍ਰੀ ਸੁਖਮਨੀ ਸਾਹਿਬ ਅਤੇ ਅੰਮ੍ਰਿਤਸਰ ਸੰਗੀਤ ਸਭਾ ਮੁੱਖ ਸੇਵਾਦਾਰ, ਸਰਦਾਰ ਕੁਲਦੀਪ ਸਿੰਘ ਜੀ, ਸਰਦਾਰ ਪੁਸ਼ਿਪੰਦਰ ਸਿੰਘ ਜੀ ਭਾਟੀਆ, ਸਰਦਾਰ ਕੁਲਵੰਤ ਸਿੰਘ ਜੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਚੌਂਕ ਘੰਟਾ ਘਰ, ਸਰਦਾਰ ਗੋਬਿੰਦ ਸਿੰਘ ਜੀ, ਸ੍ਰੀ ਸੰਜੀਵ ਕੁਮਾਰ ਬਾਊ ਜੀ ,ਸਰਦਾਰ ਨਿਰਮਲ ਸਿੰਘ ਜੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵੀ.ਬੀ.ਜੀ.ਰਾਮ.ਜੀ. ਕਾਨੂੰਨ ਰੱਦ ਕਰਕੇ ਮਨਰੇਗਾ ਕਾਨੂੰਨ ਬਹਾਲ ਕਰੇ ਸਰਕਾਰ: ਕਾਮਰੇਡ ਰਾਮ ਸਰਨ

**ਪਠਾਨਕੋਟ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਕੁੱਲ ਹਿੰਦ ਕਿਸਾਨ ਸਭਾ ਅਤੇ ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਦੀ ਨਰੋਟ ਜੈਮਲ ਸਿੰਘ ਇਕਾਈ ਵਲੋ ਕਾਮਰੇਡ ਰਾਮ ਸਰਨ ਅਤੇ ਰੁਲਦਾ ਰਾਮ ਦੀ ਅਗਵਾਈ ਵਿੱਚ। ਤਹਿਸੀਲ ਦਾਰ ਨਰੋਟ ਜੈਮਲ ਸਿੰਘ ਰਾਹੀਂ ਮੁੱਖ ਮੰਤਰੀ ਅਤੇ ਰਾਜਪਾਲ ਪੰਜਾਬ ਨੂੰ ਮੰਗ ਪੱਤਰ ਦਿੱਤਾ ਗਿਆ ਉਸ ਵੇਲੇ ਉਹਨਾਂ ਨਾਲ ਸੁਰਿੰਦਰ ਸਹਿਗਲ, ਕੇਵਲ ਕਾਲੀਆ, ਸੁਧਾ ਰਾਣੀ , ਪਰਸ਼ੋਤਮ ਕੁਮਾਰ, ਪਰਸ ਰਾਮ, ਹਰਬੰਸ ਲਾਲ, ਪ੍ਰਕਾਸ਼ ਸਿੰਘ, ਹਾਜਰ ਸਨ। ਉਹਨਾਂ ਮੰਗਾ ਸਬੰਧੀ ਪ੍ਰੈਸ ਨੂੰ ਜਾਣਕਾਰੀ ਦੇਂਦਿਆਂ ਕਿਹਾ ਕਿ ਅਸੀਂ ਮੰਗ ਕਰਦੇ ਹਾਂ ਕਿ ਸਰਕਾਰ ਵੀ ਬੀ ਜੀ ਰਾਮ ਜੀ ਕਨੂੰਨ ਵਾਪਸ ਲਵੇ। ਅਤੇ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ।

ਤਜਵੀਜ਼ਤ ਬਿਜਲੀ ਬਿਲ 2025 ਅਤੇ ਤਜਵੀਜ਼ਤ ਬੀਜ ਸੋਧ ਬਿਲ ਵਾਪਸ ਲਏ ਜਾਣ ।ਬੇ ਜ਼ਮੀਨੇ ਖੇਤ ਮਜ਼ਦੂਰਾਂ ਨੂੰ 10 ,10 ਮਰਲੇ ਦੇ ਪਲਾਟ ਅਤੇ 5 ਲੱਖ ਰੁਪਏ ਸਹਾਇਤਾ ਦਿੱਤੀ ਜਾਵੇ। ਆਬਾਦਕਾਰਾਂ ਨੂੰ ਆਬਾਦ ਕੀਤੀਆਂ ਜ਼ਮੀਨਾਂ ਦਾ ਹੱਕ ਮਾਲਕੀ ਦਿੱਤਾ ਜਾਵੇ। ਬਾਰਡਰ ਦੇ ਪਾਰ ਜ਼ਮੀਨਾਂ ਦਾ 30 ਹਜਾਰ ਰੁਪਏ ਮੁਆਵਜ਼ਾ ਦਿੱਤਾ ਜਾਵੇ ਅਤੇ ਪਾਰਲੀ ਜ਼ਮੀਨ ਵਿੱਚ ਕੰਮ ਦੇ ਘੰਟੇ ਵਧਾਏ ਜਾਣ। ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦਾ ਕਰਜਾ ਮੁਆਫ ਕੀਤਾ ਜਾਵੇ। ਹੜਾ ਦੇ ਬਚਾਅ ਦੇ ਪ੍ਰਬੰਧ ਕੀਤੇ ਜਾਣ। ਉਹਨਾਂ ਮੰਗ ਕੀਤੀ ਕਿ ਮੁਕਤ ਵਪਾਰ ਸਮਝੌਤਾ ਰਦ ਕੀਤਾ ਜਾਵੇ। ਕਿਉਕਿ ਇਹ ਸੰਧੀ ਕਿਸਾਨ ਅਤੇ ਮਜ਼ਦੂਰ ਵਿਰੋਧੀ ਹੈ। ਅਤੇ ਸਾਮਰਾਜ ਦਾ ਹਿੱਤ ਪਾਲਦੀ ਹੈ। ਉਹਨਾਂ ਮੰਗ ਕੀਤੀ ਕਿ ਸਰਕਾਰ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾ ਪੂਰੀਆਂ ਕੀਤੀਆਂ ਜਾਣ।





**ਜਨਮ ਦਿਨ ਮੁਬਾਰਕ**

ਜ਼ੋਰਾਵਰ ਸਿੰਘ ਰੰਧਾਵਾ
ਦਾਦਾ ਜਥੇਦਾਰ ਹਰਗੋਪਾਲ ਸਿੰਘ ਰੰਧਾਵਾ, ਪਿਤਾ ਵਿਕਰਮਜੀਤ ਸਿੰਘ ਰੰਧਾਵਾ,ਮਾਤਾ ਕਵਲਜੀਤ ਕੌਰ ਵਾਸੀ ਚੌਕ ਮਹਿਤਾ (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ੴ

# In Loving Memory



# Malkit Singh Grewal

## 16 June 1940 – 20 June 2026

## Tuesday 7 July 2026

ਆਵਾਜ਼ਿ ਕੌਮ
AWAZE QAUM
International Newspaper & WEB TV

**11:30AM – Antim Darshan**
Sri Guru Singh Sabha Gurdwara
Park Avenue
Southall

**1:20PM – Cremation Service**
South West Middlesex
Crematorium Feltham
TW13 5JH

Followed by Bhog & Langar at Sri Guru Singh Sabha Southall